ਸੋਮਵਾਰ, 12 ਅਕਤੂਬਰ, 2026
26 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 132

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 12 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸੁਪਰੀਮ ਕੋਰਟ ਵੱਲੋਂ ਵਰਜਣ ਦੇ ਬਾਵਜੂਦ ਦਿੱਲੀ 'ਚ ਸਖ਼ਤੀ ਤੇ ਫੜੋਫੜੀ ਜਾਰੀ



ਪ੍ਰੈੱਸ ਕਲੱਬ ਆਫ ਇੰਡੀਆ ਦੇ ਬਾਹਰ ਪ੍ਰਦਰਸ਼ਨਕਾਰੀ ਨੂੰ ਚੁੱਕਦੀ ਪੁਲਸ।



ਨੇਹਾ ਬੋਰਾ ਨੂੰ ਫੜਦੀ ਪੁਲਸ।

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਨਵੀਂ ਦਿੱਲੀ ਜ਼ਿਲ੍ਹੇ ਵਿੱਚ ਐਤਵਾਰ ਹਫੜਾ-ਦਫੜੀ ਮਚ ਗਈ, ਜਦੋਂ ਕਈ ਗਰੁੱਪਾਂ ਨੇ ਚੋਣ ਕਮਿਸ਼ਨ ਵਿਰੁੱਧ ਵਿਰੋਧ ਪ੍ਰਦਰਸ਼ਨ ਕੀਤਾ ਅਤੇ ਪੁਲਸ ਨੇ ਆਪਣੀ ਕਾਰਵਾਈ ਜਾਰੀ ਰੱਖਦਿਆਂ ਗੈਰ-ਕਾਨੂੰਨੀ ਹਿਰਾਸਤਾਂ ਵਿਰੁੱਧ ਸੁਪਰੀਮ ਕੋਰਟ ਦੇ ਹੁਕਮਾਂ ਦੇ ਬਾਵਜੂਦ ਪੱਤਰਕਾਰਾਂ ਸਮੇਤ ਕਈ ਲੋਕਾਂ ਨੂੰ ਹਿਰਾਸਤ ਵਿੱਚ ਲੈ ਲਿਆ।

ਪੱਤਰਕਾਰਾਂ, ਜਿਨ੍ਹਾਂ ਵਿੱਚ ਇੱਕ ਕੌਮੀ ਰੋਜ਼ਾਨਾ ਅਖਬਾਰ ਦਾ ਪੱਤਰਕਾਰ, ਡਿਜੀਟਲ ਨਿਊਜ਼ ਪਲੇਟਫਾਰਮਾਂ ਦਾ ਪੱਤਰਕਾਰ ਅਤੇ ਕੈਮਰਾਮੈਨ ਸ਼ਾਮਲ ਸਨ, ਸਣੇ 70 ਤੋਂ ਵੱਧ ਲੋਕਾਂ ਨੂੰ ਪ੍ਰੈੱਸ ਕਲੱਬ ਆਫ ਇੰਡੀਆ ਦੇ ਬਾਹਰ ਹਿਰਾਸਤ ਵਿੱਚ ਲਿਆ ਗਿਆ। ਕਨਾਟ ਪਲੇਸ ਵਿਖੇ ਨਜ਼ਰਬੰਦਾਂ ਨਾਲ ਭਰੀ ਇੱਕ ਬੱਸ ਵਿੱਚ ਦੋ ਪੱਤਰਕਾਰ ਅਤੇ ਘੱਟੋ-ਘੱਟ ਦੋ ਪ੍ਰਦਰਸ਼ਨਕਾਰੀ ਸ਼ਾਮਲ ਸਨ, ਜਿਨ੍ਹਾਂ ਦੇ ਸਰੀਰ 'ਤੇ ਸੱਟਾਂ ਲੱਗੀਆਂ ਹੋਈਆਂ ਸਨ ਅਤੇ ਉਨ੍ਹਾਂ ਵਿੱਚੋਂ ਖ਼ੂਨ ਵਹਿ ਰਿਹਾ ਸੀ। ਪੁਲਸ ਨੇ ਇਹ ਕਾਰਵਾਈ ਸੁਪਰੀਮ ਕੋਰਟ ਦੇ ਉਸ ਹੁਕਮ ਦੇ ਬਾਵਜੂਦ ਕੀਤੀ ਹੈ, ਜਿਸ ਵਿੱਚ ਕਿਹਾ ਗਿਆ ਸੀ ਕਿ ਸ਼ਾਂਤਮਈ, ਨਿਹੱਥੇ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਨਹੀਂ ਲਿਆ ਜਾ ਸਕਦਾ।

ਏ ਆਈ ਐੱਸ ਏ ਦੀ ਪ੍ਰਧਾਨ ਨੇਹਾ ਬੋਰਾ ਅਤੇ ਸੀ ਪੀ ਆਈ (ਐੱਮ) ਨੇਤਾ ਜੌਨ ਬ੍ਰਿਟਾਸ ਨੂੰ ਕਨਾਟ ਪਲੇਸ ਵਿਖੇ ਹਿਰਾਸਤ ਵਿੱਚ ਲਿਆ ਗਿਆ। ਜਵਾਨਾਂ ਵੱਲੋਂ ਘੜੀਸਣ 'ਤੇ ਬ੍ਰਿਟਾਸ ਜ਼ਖ਼ਮੀ ਹੋ ਗਏ। ਨੇਹਾ ਬੋਰਾ ਨੂੰ ਕਨਾਟ ਪਲੇਸ ਵੱਲ ਮਾਰਚ ਕਰਨ ਅਤੇ ਫਿਰ ਐੱਚ ਬਲਾਕ ਵੱਲ ਭੱਜਣ ਤੋਂ ਬਾਅਦ ਹਿਰਾਸਤ ਵਿੱਚ ਲੈ ਲਿਆ ਗਿਆ। ਨੇਹਾ ਬੋਰਾ ਨੇ ਸ਼ਨੀਵਾਰ ਦੇਰ ਰਾਤ ਦੀ ਇੱਕ ਪੋਸਟ ਵਿੱਚ ਐਲਾਨਿਆ ਸੀ, 'ਸੌ ਜੰਤਰ-ਮੰਤਰ ਖਿੜਨ ਦਿਓ! ਕੱਲ੍ਹ ਦਿੱਲੀ ਦਾ ਇੱਕ ਹੋਰ ਹਿੱਸਾ ਜੰਤਰ-ਮੰਤਰ ਬਣ ਜਾਵੇਗਾ।'

ਰਾਏਸੀਨਾ ਰੋਡ 'ਤੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੀ ਪ੍ਰੈੱਸ ਕਾਨਫਰੰਸ ਖਤਮ ਹੋਣ ਤੋਂ ਬਾਅਦ ਐੱਨ ਐੱਸ ਯੂ ਆਈ ਮੈਂਬਰਾਂ ਨੇ ਵਿਰੋਧ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀ ਐੱਸ ਆਈ ਆਰ ਵਿੱਚ ਬੇਨੇਮੀਆਂ ਨੂੰ ਲੈ ਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਕਰ ਰਹੇ ਸਨ। ਦਿੱਲੀ ਪੁਲਸ ਨੇ ਐਤਵਾਰ ਵੀ ਕੇਂਦਰੀ ਦਿੱਲੀ ਵਿੱਚ ਆਪਣੀ ਸਖਤੀ ਜਾਰੀ ਰੱਖੀ, ਜੰਤਰ-ਮੰਤਰ ਨੂੰ ਸੀਲ ਰੱਖਿਆ, ਰਾਜਧਾਨੀ ਦੀਆਂ ਸਰਹੱਦਾਂ 'ਤੇ ਬੈਰੀਕੇਡ ਬਣਾਈ ਰੱਖੇ ਅਤੇ 30 ਥਾਵਾਂ 'ਤੇ ਆਵਾਜਾਈ ਨੂੰ ਮੋੜ ਦਿੱਤਾ, ਕਿਉਂਕਿ ਕਾਕਰੋਚ ਜਨਤਾ ਪਾਰਟੀ ਨੇ ਸ਼ਹਿਰ ਭਰ ਵਿੱਚ ਅੰਦਾਜ਼ਨ 7,000 ਲੋਕਾਂ ਨੂੰ ਹਿਰਾਸਤ ਵਿੱਚ ਲੈਣ ਤੋਂ ਬਾਅਦ ਲਗਾਤਾਰ ਦੂਜੇ ਦਿਨ ਆਪਣਾ ਵਿਰੋਧ ਪ੍ਰਦਰਸ਼ਨ ਮੁੜ ਸ਼ੁਰੂ ਕਰਨ ਦੀ ਸਹੁੰ ਖਾਧੀ।

ਸੁਪਰੀਮ ਕੋਰਟ ਨੇ ਐਤਵਾਰ ਖਾਸ ਬੈਠਕ ਲਾ ਕੇ ਹੁਕਮ ਦਿੱਤਾ ਕਿ ਦਿੱਲੀ ਵਿੱਚ ਸ਼ਾਂਤਮਈ ਪ੍ਰਦਰਸ਼ਨਕਾਰੀਆਂ ਦੀ ਕੋਈ ਗੈਰ-ਕਾਨੂੰਨੀ ਨਜ਼ਰਬੰਦੀ ਨਹੀਂ ਕੀਤੀ ਜਾਵੇਗੀ ਅਤੇ ਕਾਨੂੰਨ ਮੁਤਾਬਕ ਲੋਕਾਂ ਦੀ ਸੁਤੰਤਰ ਆਵਾਜਾਈ ਨੂੰ ਯਕੀਨੀ ਬਣਾਇਆ ਜਾਵੇਗਾ। ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ ਮੋਹਨਾ ਦੀ ਬੈਂਚ ਨੇ ਕਿਹਾ, "ਕਾਨੂੰਨ ਦੁਆਰਾ ਸਥਾਪਤ ਪ੍ਰਕਿਰਿਆ ਤੋਂ ਬਿਨਾਂ ਕੋਈ ਗੈਰ-ਕਾਨੂੰਨੀ ਹਿਰਾਸਤ ਨਹੀਂ ਹੋਵੇਗੀ, ਖਾਸਕਰ ਉਸ ਖੇਤਰ ਤੋਂ ਬਾਹਰ, ਜਿੱਥੇ ਪਾਬੰਦੀਆਂ ਲਗਾਈਆਂ ਗਈਆਂ ਹਨ।

ਇਸ ਦੇ ਨਾਲ ਹੀ ਬੈਂਚ ਨੇ

• ਬਾਕੀ ਸਫਾ 2 'ਤੇ

## ਪ੍ਰਲੇਸ ਵੱਲੋਂ ਦਿੱਲੀ ਕੂਚ ਦਾ ਸੱਦਾ

**ਜਲੰਧਰ (ਗਿਆਨ ਸੈਦਪੁਰੀ)**-ਸਰਬ ਭਾਰਤੀ ਪ੍ਰਗਤੀਸ਼ੀਲ ਲੇਖਕ ਸੰਘ (ਪ੍ਰਲੇਸ) ਦੇ ਪ੍ਰਧਾਨ ਪੀ ਲਕਸ਼ਮੀਨਾਰਾਇਣਾ ਅਤੇ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ ਨੇ ਪ੍ਰਲੇਸ ਦੇ ਸਾਰੇ ਅਹੁਦੇਦਾਰਾਂ, ਕਾਰਜਕਾਰਨੀ/ਕਾਰਜ ਸਮਿਤੀ ਮੈਂਬਰਾਂ ਤੇ ਪ੍ਰਲੇਸ ਦੀਆਂ ਸਭਨਾਂ ਰਾਜ, ਜ਼ਿਲ੍ਹਾ ਅਤੇ ਸਥਾਨਕ ਇਕਾਈਆਂ ਦੇ ਸਾਰੇ ਸਤਿਕਾਰਤ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਆਪਣੀ ਸਮਰੱਥਾ ਅਨੁਸਾਰ ਜਲਦੀ ਤੋਂ ਜਲਦੀ ਦਿੱਲੀ ਪਹੁੰਚਣ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਚੱਲ ਰਹੇ ਅੰਦੋਲਨ ਵਿੱਚ ਆਪਣੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣ ਅਤੇ ਇਸ ਅੰਦੋਲਨ ਨੂੰ ਹਰ ਸੰਭਵ ਸਹਿਯੋਗ ਅਤੇ ਸਮਰਥਨ ਦੇਣ ਦਾ ਸੱਦਾ ਦਿੱਤਾ ਹੈ।

# ਰਾਜਧਾਨੀ 'ਚ ਤਸ਼ੱਦਦ ਦੀ ਕਰੜੀ ਨਿੰਦਾ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਸਰਬ ਭਾਰਤ ਨੌਜਵਾਨ ਸਭਾ (ਪੰਜਾਬ) ਨੇ ਦਿੱਲੀ ਦੇ ਕਨਾਟ ਪਲੇਸ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖਿਲਾਫ ਵਿਰੋਧ ਪ੍ਰਦਰਸ਼ਨ ਕਰਨ ਲਈ ਜੰਤਰ-ਮੰਤਰ ਵੱਲ ਸ਼ਾਂਤੀਪੂਰਵਕ ਮਾਰਚ ਕਰ ਰਹੇ ਏ ਆਈ ਐੱਸ ਐੱਫ ਤੇ ਏ ਆਈ ਵਾਈ ਐੱਫ ਕਾਰਕੁਨਾਂ ਵਿਰੁੱਧ ਬੇਰਹਿਮੀ ਨਾਲ ਕੀਤੀ ਗਈ ਕੁੱਟਮਾਰ ਅਤੇ ਹਿਰਾਸਤ ਵਿੱਚ ਲਏ ਜਾਣ ਅਤੇ ਪੁਲਸ ਦੀ ਬੇਰਹਿਮੀ ਦੀ ਸਖ਼ਤ ਨਿੰਦਾ ਕੀਤੀ ਹੈ। ਏ ਆਈ ਵਾਈ ਐੱਫ ਦੇ ਜਨਰਲ ਸਕੱਤਰ ਸੁਖਜਿੰਦਰ ਮਹੇਸਰੀ, ਏ ਆਈ ਵਾਈ ਐੱਫ ਦੇ ਪ੍ਰਧਾਨ ਰੋਸ਼ਨ ਕੁਮਾਰ ਸਿਨਹਾ ਅਤੇ ਏ ਆਈ ਵਾਈ ਐੱਫ ਦੇ ਜਨਰਲ ਸਕੱਤਰ ਦਿਨੇਸ਼ ਸੀਰੰਗਰਾਜ ਦੀ ਏ ਆਈ ਐੱਸ ਐੱਫ ਤੇ ਏ ਆਈ ਵਾਈ ਐੱਫ ਦੇ ਸੈਂਕੜੇ ਕਾਰਕੁਨਾਂ ਨਾਲ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ ਅਤੇ ਹਿਰਾਸਤ ਵਿੱਚ ਲਿਆ ਗਿਆ।ਪੰਜਾਬ ਦੇ ਸੂਬਾ ਪ੍ਰਧਾਨ ਕਰਮਵੀਰ ਬੱਧਨੀ ਤੇ ਸਕੱਤਰ ਚਰਨਜੀਤ ਛਾਂਗਾਰਾਏ ਨੇ ਕਿਹਾ ਕਿ ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਨੇ ਸੰਵਿਧਾਨ ਨੂੰ ਛਿੱਕੇ 'ਤੇ ਟੰਗ ਕੇ ਅਤੇ ਮੋਦੀ—ਸ਼ਾਹ ਨੂੰ ਖੁਸ਼ ਕਰਨ ਲਈ ਉਹਨਾਂ ਦੇ ਇਸ਼ਾਰਿਆਂ 'ਤੇ ਦੇਸ਼ ਦੇ 13 ਕਰੋੜ ਵੋਟਰਾਂ ਨੂੰ ਵੋਟਰ ਲਿਸਟ ਵਿੱਚੋਂ ਕੱਢ ਦਿੱਤਾ, ਜੋ ਕਿ ਸਰਾਸਰ ਗੈਰ-ਕਾਨੂੰਨੀ ਅਤੇ ਨਿਹਾਇਤ ਨਿੰਦਣਯੋਗ ਹੈ। ਉਹਨਾਂ ਇਹ ਵੀ ਕਿਹਾ ਕਿ ਚੋਣ ਕਮਿਸ਼ਨ ਦੇ ਦੋ ਚੋਣ ਕਮਿਸ਼ਨਰ, ਜੋ ਲਗਾਤਾਰ 10 ਮਹੀਨੇ ਮੁੱਖ ਚੋਣ ਕਮਿਸ਼ਨਰ ਨੂੰ 14 ਵਾਰ ਚਿੱਠੀਆਂ ਲਿਖ ਕੇ ਇਸ ਗੱਲ ਲਈ ਰੋਕਦੇ ਰਹੇ ਕਿ ਉਹ ਗੈਰ-ਕਾਨੂੰਨੀ ਤਰੀਕੇ ਨਾਲ ਐੱਸ ਆਈ ਆਰ ਨੂੰ ਲਾਗੂ ਨਾ ਕਰੇ, ਪਰ ਮੁੱਖ ਚੋਣ ਕਮਿਸ਼ਨਰ ਨੇ ਉਹਨਾਂ ਨੂੰ ਵੀ



ਨਜ਼ਰਅੰਦਾਜ਼ ਕਰਕੇ ਮੋਦੀ-ਸ਼ਾਹ ਦੇ ਇਸ਼ਾਰੇ 'ਤੇ ਜ਼ਬਰਦਸਤੀ ਦੇਸ਼ ਨੂੰ ਐੱਸ ਆਈ ਆਰ ਦੀ ਪ੍ਰਕਿਰਿਆ ਵਿੱਚ ਪਾ ਕੇ ਕਰੋੜਾਂ ਰੁਪਏ ਖਰਚ ਕੀਤੇ ਅਤੇ 13 ਕਰੋੜ ਵੋਟਰਾਂ ਨੂੰ ਨਜਾਇਜ਼ ਤੌਰ 'ਤੇ ਵੋਟਰ ਲਿਸਟ ਵਿੱਚੋਂ ਕੱਢ ਦਿੱਤਾ ਗਿਆ।ਜਦੋਂ ਤੱਕ ਉਸ ਦਾ ਅਸਤੀਫ਼ਾ ਨਹੀਂ ਹੋ ਜਾਂਦਾ, ਇਹ ਲੜਾਈ ਜਾਰੀ ਰਹੇਗੀ ਤੇ ਪੰਜਾਬ ਵਿੱਚੋਂ ਹੋਰ ਵੱਡੀ ਗਿਣਤੀ 'ਚ ਨੌਜਵਾਨ ਹਿੱਸਾ ਲੈਣਗੇ।

## ਵਿਦਿਆਰਥੀਆਂ ਦਾ ਸਮਾਂ ਹੈ : ਮੋਦੀ

**ਚੇਨਈ (ਨ ਜ਼ ਸ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਇਹ ਕਹਿੰਦਿਆਂ ਚੇਨਈ ਦੇ ਸਕੂਲੀ ਵਿਦਿਆਰਥੀਆਂ ਨੂੰ ਉਨ੍ਹਾਂ ਲਈ ਉਪਲਬਧ ਮੌਕਿਆਂ ਦਾ ਫਾਇਦਾ ਉਠਾਉਣ ਦੀ ਅਪੀਲ ਕੀਤੀ ਕਿ ਦੁਨੀਆ ਮਸਲਿਆਂ ਦੇ ਹੱਲ ਲੱਭ ਰਹੀ ਹੈ ਅਤੇ ਉਨ੍ਹਾਂ



ਕੋਲ ਇਹ ਪ੍ਰਦਾਨ ਕਰਨ ਦੀ ਸਮਰੱਥਾ ਹੈ। ਜੈਗੋਪਾਲ ਗਰੋੜੀਆ ਹਿੰਦੂ ਵਿਦਿਆਲਿਆ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਮੋਦੀ ਨੇ ਕਿਹਾ, 'ਇਹ ਤੁਹਾਡਾ ਸਮਾਂ ਹੈ, ਇਹ ਤੁਹਾਡਾ ਮੌਕਾ ਹੈ, ਮੈਂ ਤੁਹਾਡੇ ਵਿੱਚ ਭਵਿੱਖ ਦੇਖਦਾ ਹਾਂ।' ਇਸ ਤੋਂ ਪਹਿਲਾਂ ਮੋਦੀ ਨੇ ਚੇਨਈ ਵਿੱਚ 13,000 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ, ਉਦਘਾਟਨ ਕੀਤਾ ਅਤੇ ਰਾਸ਼ਟਰ ਨੂੰ ਸਮਰਪਿਤ ਕੀਤੇ।

ਉਨ੍ਹਾ ਕਿਹਾ ਕਿ ਇਹ ਪ੍ਰੋਜੈਕਟ ਤਾਮਿਲਨਾਡੂ ਭਰ ਦੇ ਨੌਜਵਾਨਾਂ ਲਈ ਨੌਕਰੀਆਂ ਪੈਦਾ ਕਰਨਗੇ। ਤਾਮਿਲਨਾਡੂ ਦੇ ਮੁੱਖ ਮੰਤਰੀ ਸੀ ਜੋਸਫ਼ ਵਿਜੇ ਵੀ ਸੀਨੀਅਰ ਰਾਜ ਅਤੇ ਕੇਂਦਰੀ ਨੇਤਾਵਾਂ ਦੇ ਨਾਲ ਮੰਚ 'ਤੇ ਮੌਜੂਦ ਸਨ।

## ਇੰਡੀਆ ਬਲਾਕ ਅੱਜ ਫਿਰ ਸੜਕਾਂ 'ਤੇ ਉੱਤਰੇਗਾ

**ਨਵੀਂ ਦਿੱਲੀ (ਨ ਜ਼ ਸ)**-ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ 12 ਅਕਤੂਬਰ ਨੂੰ ਨਵੀਂ ਦਿੱਲੀ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਇੱਕ ਵੱਡਾ ਵਿਰੋਧ ਪ੍ਰਦਰਸ਼ਨ ਕਰਨ ਦੀ ਯੋਜਨਾ ਦੀ ਪੁਸ਼ਟੀ ਕਰਦਿਆਂ ਇਸ ਲਾਮਬੰਦੀ ਨੂੰ ਲੋਕਤੰਤਰ ਅਤੇ ਵੋਟਿੰਗ ਅਧਿਕਾਰਾਂ ਦੀ ਰੱਖਿਆ ਲਈ 'ਦੂਜਾ ਆਜ਼ਾਦੀ ਸੰਘਰਸ਼' ਦੱਸਿਆ। ਵੇਣੂਗੋਪਾਲ ਨੇ ਕਿਹਾ ਕਿ ਕਾਂਗਰਸ, ਇਸ ਦੇ ਇੰਡੀਆ ਬਲਾਕ ਭਾਈਵਾਲ ਅਤੇ ਦੇਸ਼ ਭਰ ਦੇ ਨੌਜਵਾਨ ਸੋਮਵਾਰ ਵੋਟ ਚੋਰੀ ਲੈ ਕੇ ਗਿਆਨੇਸ਼ ਵਿਰੁੱਧ ਸੜਕਾਂ 'ਤੇ ਉਤਰਨਗੇ। ਉਨ੍ਹਾ ਕਿਹਾ ਕਿ ਪਾਰਟੀ ਵਰਕਰਾਂ ਨੂੰ ਦਿੱਲੀ ਜਾਣ ਤੋਂ ਰੋਕਿਆ ਜਾ ਰਿਹਾ ਹੈ ਅਤੇ ਉਨ੍ਹਾਂ ਥਾਵਾਂ 'ਤੇ ਛਾਪੇ ਮਾਰੇ ਜਾ ਰਹੇ ਹਨ, ਜਿੱਥੇ ਉਹ ਠਹਿਰੇ ਹੋਏ ਸਨ।

## ਕੈਨੇਡਾ 'ਚ ਦੋ ਮਹੀਨਿਆਂ 'ਚ ਲੱਖ ਤੋਂ ਵੱਧ ਨੌਕਰੀਆਂ ਖੁੱਸੀਆਂ

**ਵੈਨਕੂਵਰ** : ਸਟੈਟਿਸਟਿਕਸ ਕੈਨੇਡਾ ਦੀ ਤਾਜ਼ਾ ਲੇਬਰ ਫੋਰਸ ਰਿਪੋਰਟ ਮੁਤਾਬਕ ਸਤੰਬਰ ਮਹੀਨੇ ਵਿੱਚ ਦੇਸ਼ ਭਰ ਵਿੱਚੋਂ 68,000 ਨੌਕਰੀਆਂ ਖਤਮ ਹੋ ਗਈਆਂ ਹਨ। ਅਗਸਤ ਵਿੱਚ ਵੀ 42,000 ਲੋਕਾਂ ਨੂੰ ਰੁਜ਼ਗਾਰ ਤੋਂ ਹੱਥ ਧੋਣਾ ਪਿਆ ਸੀ। ਦੋ ਮਹੀਨਿਆਂ ਦੇ ਅੰਦਰ 1,10,000 ਨੌਕਰੀਆਂ ਘਟ ਗਈਆਂ ਹਨ, ਜਿਸ ਨਾਲ ਬੇਰੁਜ਼ਗਾਰੀ ਦੀ ਦਰ ਵਧ ਕੇ 6.5 ਫੀਸਦੀ ਹੋ ਗਈ ਹੈ। ਕੰਜ਼ਰਵੇਟਿਵ ਸੰਸਦ ਮੈਂਬਰ ਮਾਈਕਲ ਕੂਪਰ ਨੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਘੇਰਦਿਆਂ ਕਿਹਾ ਕਿ ਸਰਕਾਰ ਦੇ ਦਾਅਵੇ ਹਕੀਕਤ ਤੋਂ ਕੋਹਾਂ ਦੂਰ ਹਨ। ਉਨ੍ਹਾ ਸਵਾਲ ਕੀਤਾ ਕਿ ਜਦੋਂ ਦੇਸ਼ ਵਿੱਚ ਬੇਰੁਜ਼ਗਾਰੀ ਜੀ-7 ਦੇਸ਼ਾਂ ਵਿੱਚੋਂ ਦੂਜੀ ਸਭ ਤੋਂ ਵੱਧ ਹੈ ਅਤੇ ਲੇਬਰ ਪਾਰਟੀਸਿਪੇਸ਼ਨ ਰੇਟ ਪਿਛਲੇ 30 ਸਾਲਾਂ ਦੇ ਸਭ ਤੋਂ ਹੇਠਲੇ ਪੱਧਰ 'ਤੇ ਆ ਗਿਆ ਹੈ, ਤਾਂ ਸਰਕਾਰ ਦੀਆਂ ਨੀਤੀਆਂ ਕਿੱਥੇ ਖੜ੍ਹੀਆਂ ਹਨ? ਦੂਜੇ ਪਾਸੇ, ਸਰਕਾਰੀ ਨੁਮਾਇੰਦਿਆਂ ਦਾ ਕਹਿਣਾ ਹੈ ਕਿ ਉਹ ਮਹਿੰਗਾਈ ਨੂੰ ਠੱਲ੍ਹ ਪਾਉਣ ਲਈ ਟੈਕਸਾਂ ਵਿੱਚ ਛੋਟ ਅਤੇ ਕਈ ਰਾਹਤ ਪੈਕੇਜ ਦੇ ਰਹੇ ਹਨ। ਸਤੰਬਰ ਵਿੱਚ ਇਕੱਲੇ ਨੌਜਵਾਨਾਂ ਦੀਆਂ 48,000 ਨੌਕਰੀਆਂ ਗਈਆਂ ਹਨ, ਜਦਕਿ 50,000 ਹੋਰ ਨੌਜਵਾਨਾਂ ਨੇ ਨਿਰਾਸ਼ ਹੋ ਕੇ ਲੇਬਰ ਮਾਰਕੀਟ ਨੂੰ ਹੀ ਛੱਡ ਦਿੱਤਾ ਹੈ। ਇਸ ਨਾਲ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਦੀ ਦਰ 13 ਫੀਸਦੀ ਉੱਤੇ ਬਣੀ ਹੋਈ ਹੈ। ਇਸ ਤੋਂ ਇਲਾਵਾ, 25 ਤੋਂ 54 ਸਾਲ ਦੀ ਉਮਰ ਦੀਆਂ ਔਰਤਾਂ ਦੀਆਂ 28,000 ਨੌਕਰੀਆਂ ਘਟੀਆਂ ਹਨ ਅਤੇ ਉਨ੍ਹਾਂ ਦੀ ਬੇਰੁਜ਼ਗਾਰੀ ਦਰ ਵੀ ਵਧ ਕੇ 5.3 ਫੀਸਦੀ ਹੋ ਗਈ ਹੈ।

ਕਿਊਬਿਕ ਵਿੱਚ ਸਭ ਤੋਂ ਵੱਧ 49,000 ਨੌਕਰੀਆਂ ਦਾ ਨੁਕਸਾਨ ਹੋਇਆ ਹੈ, ਜਦਕਿ ਬ੍ਰਿਟਿਸ਼ ਕੋਲੰਬੀਆ ਵਿੱਚ 20,000 ਨੌਕਰੀਆਂ ਗਈਆਂ ਹਨ। ਮੈਨੀਟੋਬਾ ਵਿੱਚ ਵੀ 4,400 ਨੌਕਰੀਆਂ ਦਾ ਨੁਕਸਾਨ ਹੋਇਆ ਹੈ, ਹਾਲਾਂਕਿ, ਅਲਬਰਟਾ ਦਾ ਮਾਹੌਲ ਥੋੜ੍ਹਾ ਬਿਹਤਰ ਰਿਹਾ, ਜਿੱਥੇ 23,000 ਨਵੇਂ ਰੁਜ਼ਗਾਰ ਜੁੜੇ ਹਨ। ਸੈਕਟਰਾਂ ਦੇ ਹਿਸਾਬ ਨਾਲ, ਵਿੱਦਿਅਕ ਸੇਵਾਵਾਂ ਵਿੱਚ 35,000, ਸਿਹਤ ਸੰਭਾਲ ਵਿੱਚ 23,000 ਅਤੇ ਮੈਨੂਫੈਕਚਰਿੰਗ ਵਿੱਚ 13,000 ਨੌਕਰੀਆਂ ਘਟੀਆਂ ਹਨ। ਅਮਰੀਕਾ ਨਾਲ ਚੱਲ ਰਹੀ ਟਰੇਡ ਵਾਰ ਵਿਚਾਲੇ ਆਟੋਮੋਟਿਵ, ਸਟੀਲ ਅਤੇ ਐਲੂਮੀਨੀਅਮ ਉੱਤੇ ਲੱਗੇ ਅਮਰੀਕੀ ਟੈਕਸਾਂ ਨੇ ਕੈਨੇਡੀਅਨ ਅਰਥਚਾਰੇ ਨੂੰ ਵੱਡਾ ਖਤਰਾ ਪੈਦਾ ਕਰ ਦਿੱਤਾ ਹੈ। ਮਾਹਰਾਂ ਦਾ ਮੰਨਣਾ ਹੈ ਕਿ ਇਨ੍ਹਾਂ ਅਮਰੀਕੀ ਟੈਕਸਾਂ ਕਾਰਨ ਕੈਨੇਡਾ ਵਿੱਚ ਲਗਪਗ 87,000 ਨੌਕਰੀਆਂ ਖਤਰੇ ਵਿੱਚ ਪੈ ਸਕਦੀਆਂ ਹਨ।

## ਸਾਫ਼-ਸੁਥਰੀ ਸਿਆਸਤ ਕਰਾਂਗਾ : ਪਰਗਟ ਸਿੰਘ



**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਕਾਂਗਰਸ ਦੀ ਪ੍ਰਧਾਨਗੀ ਦਾ ਅਹੁਦਾ ਸੰਭਾਲਣ ਮੌਕੇ ਪਰਗਟ ਸਿੰਘ ਨੇ ਐਤਵਾਰ ਕਿਹਾ ਕਿ ਉਹ ਸੂਬੇ ਵਿੱਚ ਸਾਫ਼-ਸੁਥਰੀ ਸਿਆਸਤ ਕਰਨਗੇ ਅਤੇ ਪਾਰਟੀ ਦੇ ਅੰਦਰ ਤੇ ਪਾਰਟੀ ਤੋਂ ਬਾਹਰ ਬਦਲਾਖੋਰੀ ਦੇ ਰਾਹ ਨਹੀਂ ਪੈਣਗੇ, ਬਲਕਿ ਅਸੂਲਾਂ ਦੀ ਸਿਆਸਤ ਹੋਵੇਗੀ। ਪਰਗਟ ਸਿੰਘ ਦੇ ਅਹੁਦਾ ਸੰਭਾਲਣ ਮੌਕੇ ਪੰਜਾਬ ਕਾਂਗਰਸ ਨੇ ਇੱਕਜੁੱਟਤਾ ਦਾ ਪ੍ਰਗਟਾਵਾ ਕੀਤਾ। ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਦੀ ਮੌਜੂਦਗੀ ਤੋਂ ਇਲਾਵਾ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਸਾਰੇ ਸੀਨੀਅਰ ਆਗੂ ਮੌਜੂਦ ਸਨ। ਰਾਜਾ ਵੜਿੰਗ ਦੇ ਸਮਰਥਕ ਉਨ੍ਹਾ ਦੇ ਗ੍ਰਹਿ ਵਿਖੇ ਇਕੱਠੇ ਹੋਏ ਸਨ। ਰਾਜਾ ਵੜਿੰਗ ਨੇ ਕਿਹਾ ਕਿ ਉਹ ਪਾਰਟੀ ਲੀਡਰਾਂ ਦੇ ਇੱਕ ਧੜੇ ਦੇ ਵਿਰੋਧ ਦੇ ਬਾਵਜੂਦ ਇੱਥੇ ਨਵੇਂ ਪ੍ਰਧਾਨ ਪਰਗਟ ਸਿੰਘ ਨੂੰ ਵਧਾਈ ਦੇਣ ਪਹੁੰਚੇ ਹਨ। ਉਹ ਕਾਂਗਰਸ ਪਾਰਟੀ ਦੀ ਭਲਾਈ ਲਈ ਕੰਮ ਕਰਦੇ ਰਹਿਣਗੇ। ਵੜਿੰਗ ਦੇ ਸਮਰਥਕਾਂ ਨੇ ਨਾਅਰੇਬਾਜ਼ੀ ਵੀ ਕੀਤੀ। ਚੰਨੀ ਨੇ ਪਰਗਟ ਸਿੰਘ ਦੇ ਅਹੁਦਾ ਸੰਭਾਲਣ ਮੌਕੇ ਪਏ ਮੀਂਹ ਨੂੰ ਸ਼ੁੱਭ ਸ਼ਗਨ ਦੱਸਿਆ।

## ਮੋਦੀ ਨੇ ਹਿਟਲਰ ਨੂੰ ਪਿੱਛੇ ਛੱਡਿਆ : ਕੇਜਰੀਵਾਲ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**-ਆਪ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਜੰਤਰ-ਮੰਤਰ ਪ੍ਰਦਰਸ਼ਨ ਨੂੰ ਕੁਚਲਣ ਲਈ ਬਰਬਰਤਾ ਦੀਆਂ ਸਾਰੀਆਂ ਹੱਦਾਂ ਪਾਰ ਕਰਨ 'ਤੇ ਪੀ ਐੱਮ ਮੋਦੀ 'ਤੇ ਨਿਸ਼ਾਨਾ ਸਾਧਿਆ।ਉਨ੍ਹਾ ਸੋਸ਼ਲ ਮੀਡੀਆ 'ਤੇ ਵੀਡੀਓ ਪੋਸਟ ਕਰਕੇ ਕਿਹਾ ਕਿ ਸ਼ਨੀਵਾਰ ਦੇ ਤਾਂਡਵ ਤੋਂ ਬਾਅਦ ਕਿਤੇ ਅਜਿਹਾ ਨਾ ਹੋਵੇ ਕਿ ਗਿਆਨੇਸ਼ ਕੁਮਾਰ ਦੇ ਨਾਲ-ਨਾਲ ਮੋਦੀ ਜੀ ਦਾ ਵੀ ਅਸਤੀਫ਼ਾ ਹੋ ਜਾਵੇ। ਮੋਦੀ ਜੀ ਨੇ ਦੇਸ਼ ਦੀ ਰਾਜਧਾਨੀ ਵਿੱਚ ਤਾਂਡਵ ਦੀਆਂ ਸਾਰੀਆਂ ਹੱਦਾਂ ਪਾਰ ਕਰਕੇ ਹਿਟਲਰ ਨੂੰ ਵੀ ਪਿੱਛੇ ਛੱਡ ਦਿੱਤਾ ਹੈ।ਉਨ੍ਹਾ ਪੀ ਐੱਮ ਮੋਦੀ ਨੂੰ ਕਿਹਾ ਕਿ ਹੁਣ ਤੁਹਾਡੀਆਂ ਗਿੱਦੜ ਭਬਕੀਆਂ ਤੋਂ ਕੋਈ ਡਰਨ ਵਾਲਾ ਨਹੀਂ। ਦੇਸ਼ ਦਾ ਨੌਜਵਾਨ ਜਾਗ ਚੁੱਕਿਆ ਹੈ ਅਤੇ ਤੁਸੀਂ ਉਨ੍ਹਾਂ ਦੇ ਮਨੋਂ ਡਰ ਵੀ ਕੱਢ ਦਿੱਤਾ ਹੈ। ਕੇਜਰੀਵਾਲ ਨੇ ਕਿਹਾ ਕਿ ਮੋਦੀ ਜੀ ਨੇ ਦੇਸ਼ ਵਿੱਚ ਐਮਰਜੈਂਸੀ ਲਾਗੂ ਕਰ ਦਿੱਤੀ ਹੈ।ਮੀਡੀਆ ਅਦਾਰਿਆਂ ਦੇ ਮਾਲਕ ਵੀ ਹੁਣ ਸੁਰੱਖਿਅਤ ਨਹੀਂ ਹਨ।ਹਿੰਦੀ ਖ਼ਬਰ ਅਤੇ ਲਿਵਿੰਗ ਇੰਡੀਆ ਗਰੁੱਪ ਦੇ ਐਡੀਟਰ ਇਨ ਚੀਫ਼ ਅਤੁਲ ਅਗਰਵਾਲ ਨੂੰ ਮੋਦੀ ਜੀ ਨੇ ਹਰਿਆਣਾ ਪੁਲਸ ਤੋਂ ਗ੍ਰਿਫ਼ਤਾਰ ਕਰਵਾ ਦਿੱਤਾ ਹੈ, ਕਿਉਂਕਿ ਉਨ੍ਹਾਂ ਦਾ ਚੈਨਲ ਹਰਿਆਣਾ ਵਿੱਚ ਲਗਾਤਾਰ ਫੈਲ ਰਹੇ ਨਸ਼ੇ ਦੇ ਕਾਰੋਬਾਰ ਨੂੰ ਪਿਛਲੇ ਕੁਝ ਦਿਨਾਂ ਤੋਂ ਦਿਖਾ ਰਿਹਾ ਸੀ।



ਮੀਂਹ ਕਾਰਨ ਫਾਜ਼ਿਲਕਾ ਮੰਡੀ ਵਿੱਚ ਪਈ ਫਸਲ ਤੈਰ ਗਈ। ਮੰਡੀ ਨੀਵੀਂ ਹੋਣ ਕਰਕੇ ਕਈ ਵਾਰ ਪਹਿਲਾਂ ਵੀ ਜਿਣਸ ਦਾ ਨੁਕਸਾਨ ਹੋ ਚੁੱਕਿਆ ਹੈ।

## ਪਾਸ਼-ਹੰਸ ਰਾਜ ਯਾਦਗਾਰ ਦੇ ਹੱਕ 'ਚ ਨਿੱਤਰੇ ਕਲਮਾਂ ਵਾਲੇ

**ਸ਼ਾਹਕੋਟ (ਗਿਆਨ ਸੈਦਪੁਰੀ)**

ਪੰਜਾਬੀ ਦੇ ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਇਨਕਲਾਬੀ ਕਵੀ ਅਵਤਾਰ ਪਾਸ਼ ਦੀ ਪਿੰਡ ਤਲਵੰਡੀ ਸਲੇਮ ਵਿਖੇ ਬੀਤੇ ਕਈ ਦਹਾਕਿਆਂ ਤੋਂ ਉਸਰੀ ਯਾਦਗਾਰ 'ਤੇ ਕਾਬਜ਼ ਹੋਣ, ਪਾਸ਼ ਦਾ ਜਨਮ ਦਿਨ ਸਮਾਗਮ ਦੀ ਤਿਆਰੀ 'ਚ ਖਲਲ ਪਾਉਣ, ਕਹਾਣੀਕਾਰ ਅਤੇ ਮਜ਼ਦੂਰ ਆਗੂ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ, ਉਹਨਾਂ 'ਤੇ ਹਮਲਾ ਕਰਨ, ਮੋਬਾਇਲ ਖੋਹਣ ਦੀ ਕਾਰਵਾਈ ਕਰਨ ਵਾਲੇ ਸਰਪੰਚ ਪ੍ਰਦੀਪ ਸਿੰਘ ਅਤੇ ਉਸ ਦੇ ਜੋਟੀਦਾਰਾਂ ਖ਼ਿਲਾਫ਼ ਢੁਕਵੀਂ ਕਾਰਵਾਈ ਕਰਨ ਦੀ ਮੰਗ ਨੂੰ ਲੈ ਕੇ ਚੱਲ ਰਹੇ ਸੰਘਰਸ਼ ਨਾਲ ਇੱਕਜੁਟਤਾ ਪ੍ਰਗਟਾਉਂਦੇ ਹੋਏ ਸਾਹਿਤਕਾਰਾਂ, ਲੇਖਕਾਂ, ਰੰਗਕਰਮੀਆ, ਕਵੀਆਂ, ਤਰਕਸ਼ੀਲ, ਜਮਹੂਰੀ ਜਥੇਬੰਦੀਆਂ ਦੇ ਜਾਣੇ-ਪਛਾਣੇ ਆਗੂਆਂ ਨੇ ਪੰਜਾਬ ਸਰਕਾਰ ਤੋਂ ਇਨਸਾਫ਼ ਦੀ ਜ਼ੋਰਦਾਰ ਮੰਗ ਕੀਤੀ ਹੈ ਕਿ ਲੋਕਾਂ ਦੇ ਮਹਿਬੂਬ ਕਵੀ ਦੀ ਯਾਦਗਾਰ ਦਾ ਵਿਰਾਸਤੀ ਸਰੂਪ ਬਣਾਈ ਰੱਖਣ ਦੀ ਜ਼ਾਮਨੀ ਕੀਤੀ ਜਾਏ।ਹਰਮੇਸ਼ ਮਾਲੜੀ 'ਤੇ ਹੋਛੇ ਹਮਲੇ ਕਰਨ ਵਾਲੇ ਤਲਵੰਡੀ ਸਲੇਮ ਦੇ ਸਰਪੰਚ 'ਤੇ ਕਾਰਵਾਈ ਕੀਤੀ ਜਾਵੇ।ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਅਤੇ ਮਜ਼ਦੂਰ ਆਗੂ ਸੰਬੰਧੀ ਜੁੜੀ ਮੰਗ ਸੰਬੰਧੀ ਮੁਹਿੰਮ ਦੀ ਲੜੀ ਵਿੱਚ ਸਾਹਿਤ, ਕਲਾ ਜਗਤ ਨਾਲ਼ ਜੁੜੀਆਂ ਸ਼ਖ਼ਸੀਅਤਾਂ ਵਿਚ ਡਾ. ਸਵਰਾਜਬੀਰ, ਡਾ. ਪਰਮਿੰਦਰ, ਪ੍ਰੋ. ਸੁਖਦੇਵ ਸਿਰਸਾ, ਸੁਸ਼ੀਲ ਦੁਸਾਂਝ, ਮੱਖਣ ਕੁਹਾੜ, ਦਰਸ਼ਨ ਬੁੱਟਰ, ਪ੍ਰੋਫੈਸਰ ਸੰਧੂ ਵਰਿਆਣਵੀ, ਪ੍ਰੋ ਵਰਿਆਮ ਸਿੰਘ ਸੰਧੂ, ਡਾ. ਅਰਵਿੰਦਰ ਕੌਰ ਕਾਕੜਾ, ਪ੍ਰੋ. ਗੁਰਭਜਨ ਗਿੱਲ, ਮਹਿੰਦਰ ਪਾਲ ਭੱਠਲ, ਰਾਜਿੰਦਰ ਭਦੌੜ, ਇਕਬਾਲ ਉਦਾਸੀ, ਮੇਘ ਰਾਜ ਮਿੱਤਰ, ਰਾਮ ਸਵਰੂਪ ਸ਼ਰਮਾ, ਕੇਵਲ ਧਾਲੀਵਾਲ, ਡਾ. ਸਾਹਿਬ ਸਿੰਘ, ਡਾ. ਨਵਸ਼ਰਨ, ਡਾ. ਅਰੀਤ, ਜਸਪਾਲ ਜੱਸੀ, ਪਾਵੇਲ ਕੁੱਸਾ, ਅਮੋਲਕ ਸਿੰਘ, ਡਾ. ਕੁਲਦੀਪ ਦੀਪ, ਗੁਰਮੀਤ ਕੜਿਆਲਵੀ, ਹਰਮੀਤ ਵਿਦਿਆਰਥੀ, ਪ੍ਰੋ. ਸੁਰਜੀਤ ਜੱਜ, ਮੱਖਣ ਮਾਨ, ਹਰਵਿੰਦਰ ਭੰਡਾਲ, ਪ੍ਰੋ. ਜਗਮੋਹਣ ਸਿੰਘ, ਕਵੀ ਦੀਪ ਕਲੇਰ, ਅਤਰਜੀਤ, ਡਾ. ਸੁਰਿੰਦਰ ਧੰਜਲ, ਜਗੀਰ ਜੋਸਨ, ਜਸਪਾਲ ਮਾਨਖੇੜਾ, ਕੰਵਲਜੀਤ ਖੰਨਾ, ਹਰਕੇਸ਼ ਚੌਧਰੀ, ਜਸਵਿੰਦਰ ਪੱਪੀ, ਸੁਰਿੰਦਰ ਸ਼ਰਮਾ, ਬਲਬੀਰ ਚੰਦ ਲੌਂਗੋਵਾਲ, ਸੁਖਵਿੰਦਰ ਪੱਪੀ, ਰਾਕੇਸ਼, ਕਰਮ ਸਿੰਘ ਜ਼ਖ਼ਮੀ, ਕਸਤੂਰੀ ਲਾਲ, ਸੁਭਾਸ਼ ਬਿੱਟੂ ਮਾਨਸਾ, ਜਗਸੀਰ ਜੀਦਾ, ਮਾਸਟਰ ਰਾਮ ਕੁਮਾਰ ਭਦੌੜ, ਹੇਮ ਰਾਜ ਸਟੈਨੋ, ਰਾਮ ਸਵਰਨ ਲੱਖੇਵਾਲੀ, ਹਰਵਿੰਦਰ ਦੀਵਾਨਾ, ਸ਼ਬਦੀਸ਼ ਤੇ ਕੁਲਵੰਤ ਕੌਰ ਨਗਰ ਆਦਿ ਸ਼ਾਮਲ ਹਨ।

## ਦੋ ਵਿਦਿਆਰਥੀਆਂ ਵੱਲੋਂ 'ਖ਼ੁਦਕੁਸ਼ੀ'

**ਜਲੰਧਰ (ਨ ਜ਼ ਸ)**-ਚਹੇੜੂ ਦੇ ਲਾਅ ਗੇਟ ਇਲਾਕੇ ਵਿੱਚ ਇੱਕ ਨਿੱਜੀ ਪੀ ਜੀ ਵਿੱਚੋਂ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ 21 ਸਾਲਾ ਵਿਦਿਆਰਥੀ ਦੀ ਲਾਸ਼ ਪੱਖੇ ਨਾਲ ਲਟਕਦੀ ਮਿਲੀ ਹੈ। ਇਹ ਘਟਨਾ 10 ਅਤੇ 11 ਅਕਤੂਬਰ ਦੀ ਦਰਮਿਆਨੀ ਰਾਤ ਦੀ ਦੱਸੀ ਜਾ ਰਹੀ ਹੈ। ਮ੍ਰਿਤਕ ਦੀ ਪਛਾਣ ਅਭਿਸ਼ੇਕ ਪਟੇਲ ਪੁੱਤਰ ਸੀਆ ਰਾਮ ਪਟੇਲ, ਵਾਸੀ ਚੰਦਾਪੁਰ, ਜ਼ਿਲ੍ਹਾ ਬਨਾਰਸ ਵਜੋਂ ਹੋਈ ਹੈ।

ਮੁੱਢਲੀਆਂ ਰਿਪੋਰਟਾਂ ਮੁਤਾਬਕ ਵਿਦਿਆਰਥੀ ਨਿੱਜੀ ਸਮੱਸਿਆਵਾਂ ਕਾਰਨ ਮਾਨਸਿਕ ਤਣਾਅ ਵਿੱਚ ਰਹਿ ਰਿਹਾ ਸੀ। ਹਾਲਾਂਕਿ ਉਸ ਦੀ ਮੌਤ ਦੇ ਅਸਲ ਕਾਰਨਾਂ ਅਤੇ ਘਟਨਾ ਨਾਲ ਜੁੜੇ ਹੋਰ ਪਹਿਲੂਆਂ ਦੀ ਪੁਲਸ ਵੱਲੋਂ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਉਧਰ, ਇੰਡੀਅਨ ਇੰਸਟੀਚਿਊਟ ਆਫ ਇਨਫਰਮੇਸ਼ਨ ਟੈਕਨਾਲੋਜੀ ਰਾਂਚੀ ਦੇ ਪਹਿਲੇ ਸਾਲ ਦੇ ਇੱਕ ਵਿਦਿਆਰਥੀ ਨੇ ਸ਼ਨੀਵਾਰ ਰਾਤ ਆਪਣੇ ਹੋਸਟਲ ਦੇ ਕਮਰੇ ਵਿੱਚ ਕਥਿਤ ਤੌਰ 'ਤੇ ਖ਼ੁਦਕੁਸ਼ੀ ਕਰ ਲਈ। ਇਸ ਦਾ ਪਤਾ ਉਦੋਂ ਲੱਗਾ, ਜਦੋਂ ਹੋਸਟਲ ਦੇ ਸਾਥੀਆਂ ਨੇ ਕਮਰੇ ਨੂੰ ਅੰਦਰੋਂ ਬੰਦ ਦੇਖ ਕੇ ਸੰਸਥਾ ਪ੍ਰਸ਼ਾਸਨ ਨੂੰ ਸੂਚਿਤ ਕੀਤਾ। ਮ੍ਰਿਤਕ ਦੀ ਪਛਾਣ ਬਿਹਾਰ ਦੇ ਪੂਰਨੀਆ ਜ਼ਿਲ੍ਹੇ ਦੇ ਆਦਿਤਿਆ ਵਜੋਂ ਹੋਈ ਹੈ।

ਪੁਲਸ ਨੇ ਦੱਸਿਆ ਕਿ ਉਸ ਦੀ ਉਮਰ 19 ਤੋਂ 20 ਸਾਲ ਦੇ ਵਿਚਕਾਰ ਸੀ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਉਸ ਨੇ ਪ੍ਰੀਖਿਆ ਦੇ ਦਬਾਅ ਹੇਠ ਖ਼ੁਦਕੁਸ਼ੀ ਕੀਤੀ। ਪ੍ਰੀਖਿਆਵਾਂ 8 ਅਕਤੂਬਰ ਨੂੰ ਸ਼ੁਰੂ ਹੋਈਆਂ ਸਨ। ਘਟਨਾ ਤੋਂ ਬਾਅਦ ਕਈ ਵਿਦਿਆਰਥੀਆਂ ਨੇ ਕੈਂਪਸ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ। ਉਨ੍ਹਾਂ ਦੋਸ਼ ਲਗਾਇਆ ਕਿ ਕਾਲਜ ਅਧਿਕਾਰੀਆਂ ਦੀ ਗਲਤੀ ਸੀ, ਕਿਉਂਕਿ ਪੀੜਤ ਨੂੰ ਸਮੇਂ ਸਿਰ ਹਸਪਤਾਲ ਨਹੀਂ ਲਿਜਾਇਆ ਗਿਆ।

ਵਿਦਿਆਰਥੀ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਪ੍ਰਦਰਸ਼ਨ ਹੁੰਦਾ ਤਾਂ ਫਸੀ ਸਰਕਾਰ ਹੁੰਦੀ,
ਸਖਤੀਆਂ ਨਾਲ ਸੰਕਟ ਲੈਂਦੀ ਟਾਲ ਬੇਲੀ।
ਟਰੇਨ ਜਾਂ ਬੱਸਾਂ ਨਾਲ ਮੈਟਰੋ ਰੋਕ ਛੱਡਦੀ,
ਹੋਰ ਕਈ ਸਾਧਨ ਸੀ ਰੋਕਦੀ ਨਾਲ ਬੇਲੀ।
ਡਾਹੇ ਸੀ ਕੋਰਟ ਅੜਿੱਕੇ ਨਹੀਂ ਕਦੇ ਅੱਗੇ,
ਹੁੰਦਾ ਨਾਗਰਿਕ ਸੀ ਸਦਾ ਬਦਹਾਲ ਬੇਲੀ।
ਮੁਖੀਏ ਜੱਜ ਤੋਂ ਇੱਕੋ ਬੱਸ ਹੋਈ ਗਲਤੀ,
ਬਦਲੀ ਸਿਸਟਮ ਦੀ ਪਈ ਹੈ ਚਾਲ ਬੇਲੀ।
ਕਾਕਰੋਚ ਜਦੋਂ ਜਵਾਨੀ ਲਈ ਕਿਹਾ ਸੀਗਾ,
ਤਦ ਨਹੀਂ ਸੋਚਿਆ ਪਊ ਕੀ ਅਸਰ ਬੇਲੀ।
ਇੱਕੋ ਟਿਪਣੀ ਆ ਬਦਲ ਤਸਵੀਰ ਦਿੱਤੀ,
ਕੱਢਦੀ ਦਿੱਸੇ ਉਹ ਪੂਰੀ ਹੀ ਕਸਰ ਬੇਲੀ।

-ਤੀਸ ਮਾਰ ਖਾਂ

# ਲੋਕਾਂ ਨੂੰ ਏਨਾ ਵੀ ਨਾ ਡਰਾਓ ਕਿ ਡਰ ਹੀ ਖਤਮ ਹੋ ਜਾਵੇ : ਧਰੁਵ ਰਾਠੀ

**ਗੁਰੂਗ੍ਰਾਮ (ਨਵਾਂ ਜ਼ਮਾਨਾ ਸਰਵਿਸ)**

ਜੰਤਰ-ਮੰਤਰ ਦੇ ਪ੍ਰੋਟੈੱਸਟ 'ਚ ਸ਼ਾਮਲ ਹੋਣ ਤੋਂ ਪਹਿਲਾਂ ਗੁਰੂਗ੍ਰਾਮ ਪੁਲਸ ਵੱਲੋਂ ਹਿਰਾਸਤ ਵਿੱਚ ਲਏ ਗਏ ਮਸ਼ਹੂਰ ਯੂਟਿਊਬਰ ਧਰੁਵ ਰਾਠੀ ਨੇ ਸ਼ਨਿੱਚਰਵਾਰ ਦੇਰ ਰਾਤ ਰਿਹਾਅ ਹੋਣ ਤੋਂ ਬਾਅਦ ਇੱਕ ਵੀਡੀਓ ਬਿਆਨ ਜਾਰੀ ਕਰਕੇ ਦਾਅਵਾ ਕੀਤਾ ਕਿ ਉਸ ਨੂੰ ਨਾ ਗ੍ਰਿਫਤਾਰ ਜਾਂ ਹਿਰਾਸਤ ਵਿੱਚ ਨਹੀਂ ਲਿਆ ਗਿਆ, ਸਗੋਂ ਅਗਵਾ ਕੀਤਾ ਗਿਆ ਸੀ।

ਅਧਿਕਾਰੀਆਂ ਮੁਤਾਬਕ ਰਾਠੀ ਨੂੰ ਐਤਵਾਰ ਤੜਕੇ ਕਰੀਬ 3 ਵਜੇ ਰਿਹਾਅ ਕਰਕੇ ਉਸ ਦੇ ਪਰਵਾਰ ਹਵਾਲੇ ਕਰ ਦਿੱਤਾ ਗਿਆ। ਉਸ ਨੂੰ ਸਵੇਰੇ ਕਰੀਬ 9:30 ਵਜੇ ਗੁਰੂਗ੍ਰਾਮ ਦੇ ਸੈਕਟਰ 56 ਸਥਿਤ ਕੇਂਦਰੀ ਵਿਹਾਰ ਸੁਸਾਇਟੀ ਵਿੱਚ ਉਸ ਦੀ ਰਿਹਾਇਸ਼ ਤੋਂ ਹਿਰਾਸਤ ਵਿੱਚ ਲਿਆ ਸੀ।

ਰਾਠੀ ਨੇ ਦੋਸ਼ ਲਗਾਇਆ ਹੈ ਕਿ ਸਾਦੇ ਕੱਪੜਿਆਂ ਵਿੱਚ ਲੱਗਭੱਗ 20 ਲੋਕ ਉਸ ਦੇ ਘਰ ਵਿੱਚ ਦਾਖਲ ਹੋਏ, ਜਦੋਂ ਉਹ ਸੁੱਤਾ ਪਿਆ ਸੀ ਅਤੇ ਆਪਣੀ ਪਛਾਣ ਦੱਸੇ ਬਿਨਾਂ ਉਸ ਨੂੰ ਚੁੱਕ ਕੇ ਲੈ ਗਏ। ਸਵੇਰੇ 7 ਵਜੇ ਦੇ ਕਰੀਬ ਉਸ ਦੀ ਮਾਂ ਨੇ ਦਰਵਾਜ਼ਾ ਖੋਲ੍ਹਿਆ ਤਾਂ ਉਸ ਨੇ ਕਈ ਲੋਕਾਂ ਨੂੰ ਬਾਹਰ ਦੇਖਿਆ। ਉਸ ਨੇ ਦੋਸ਼ ਲਗਾਇਆ ਕਿ ਉਹ ਆਦਮੀ ਧੱਕੇ ਨਾਲ ਘਰ ਦੇ ਅੰਦਰ ਵੜ ਗਏ, ਉਸ ਦੇ ਬੈੱਡਰੂਮ ਵਿੱਚ ਦਾਖਲ ਹੋਏ ਅਤੇ ਉਸ ਨੂੰ ਲੈ ਗਏ। ਉਸ ਨੂੰ ਗੱਡੀ ਵਿੱਚ ਲਿਜਾਣ ਤੋਂ ਪਹਿਲਾਂ ਚੱਪਲਾਂ ਪਾਉਣ ਦਾ ਮੌਕਾ ਵੀ ਨਹੀਂ ਦਿੱਤਾ ਗਿਆ। ਇਹ ਦੱਸਦੇ ਹੋਏ ਕਿ ਉਸ ਨੇ 'ਅਗਵਾ' ਸ਼ਬਦ ਕਿਉਂ ਵਰਤਿਆ, ਰਾਠੀ ਨੇ ਕਿਹਾ ਕਿ ਜਿਹੜੇ ਲੋਕ ਉਸ ਨੂੰ ਲੈ ਗਏ ਸਨ, ਉਨ੍ਹਾਂ ਨੇ ਨਾ ਤਾਂ ਆਪਣੀ ਪਛਾਣ ਦੱਸੀ ਅਤੇ ਨਾ ਹੀ ਉਸ ਨੂੰ ਉਨ੍ਹਾਂ ਕਾਨੂੰਨੀ ਵਿਵਸਥਾਵਾਂ ਬਾਰੇ ਦੱਸਿਆ, ਜਿਨ੍ਹਾਂ ਦੇ ਤਹਿਤ ਉਸ ਨੂੰ ਹਿਰਾਸਤ ਵਿੱਚ ਲਿਆ ਜਾ ਰਿਹਾ ਸੀ। ਉਸ ਨੇ ਕਿਹਾ, "ਜੇ ਪੁਲਸ ਆਉਂਦੀ, ਮੈਨੂੰ ਆਪਣੇ ਪਛਾਣ ਪੱਤਰ ਦਿਖਾਉਂਦੀ ਅਤੇ ਕਾਨੂੰਨ ਦੀਆਂ ਉਹ ਧਾਰਾਵਾਂ ਸਮਝਾਉਂਦੀ, ਜਿਨ੍ਹਾਂ ਤਹਿਤ ਮੈਨੂੰ ਪੁਲਸ ਸਟੇਸ਼ਨ ਲਿਜਾਇਆ ਜਾ ਰਿਹਾ ਸੀ, ਤਾਂ ਮੈਂ ਆਪਣੀ ਮਰਜ਼ੀ ਨਾਲ ਜਾਂਦਾ, ਪਰ ਅਜਿਹਾ ਕੁਝ ਵੀ ਨਹੀਂ ਹੋਇਆ।



ਉਨ੍ਹਾਂ ਨੇ ਮੈਨੂੰ ਆਪਣੇ ਘਰ ਵਿੱਚ ਸੁੱਤੇ ਪਏ ਨੂੰ ਅਗਵਾ ਕਰਨ ਲਈ ਗੁੰਡੇ ਭੇਜੇ।"

ਰਾਠੀ ਨੇ ਦੋਸ਼ ਲਗਾਇਆ ਕਿ ਉਸ ਨੂੰ ਕਈ ਪੁਲਸ ਥਾਣਿਆਂ ਵਿੱਚ ਲਿਜਾਇਆ ਗਿਆ ਅਤੇ ਲੱਗਭੱਗ 20 ਘੰਟਿਆਂ ਤੱਕ ਉਸ ਦੇ ਵਕੀਲ ਨਾਲ ਸੰਪਰਕ ਕਰਨ ਜਾਂ ਫੋਨ ਤੱਕ ਪਹੁੰਚ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਗਈ। ਉਸ ਨੇ ਇਹ ਵੀ ਦਾਅਵਾ ਕੀਤਾ ਕਿ ਉਸ ਨੂੰ ਉਸ ਦੇ ਬੈੱਡਰੂਮ ਤੋਂ ਪੌੜੀਆਂ ਰਾਹੀਂ ਘਸੀਟ ਕੇ ਬਾਹਰ ਕੱਢਣ ਦੌਰਾਨ ਸੱਟਾਂ ਲੱਗੀਆਂ। ਜੋ ਲੋਕ ਉਸ ਦੇ ਘਰ ਵਿੱਚ ਦਾਖਲ ਹੋਏ ਸਨ, ਉਹ ਉਸ ਦਾ ਫੋਨ ਅਤੇ ਉਸ ਦੇ ਮਾਪਿਆਂ ਦਾ ਫੋਨ ਵੀ ਲੈ ਗਏ। ਉਸ ਨੇ ਕਿਹਾ ਕਿ ਘਟਨਾ ਦੌਰਾਨ ਜੋ ਕੁਝ ਹੋਇਆ, ਉਸ ਨੂੰ ਰਿਕਾਰਡ ਕਰਨ ਦਾ ਕੋਈ ਮੌਕਾ ਨਹੀਂ ਸੀ। ਉਸ ਨੇ ਅੱਗੇ ਦੋਸ਼ ਲਗਾਇਆ ਕਿ ਉਸ ਨੂੰ ਵਾਰ-ਵਾਰ ਕਿਹਾ ਗਿਆ ਕਿ ਉਸ ਨੂੰ ਗ੍ਰਿਫਤਾਰ ਜਾਂ ਹਿਰਾਸਤ ਵਿੱਚ ਨਹੀਂ ਲਿਆ ਗਿਆ ਹੈ ਅਤੇ ਉਸ ਨੂੰ ਰਿਹਾਅ ਕਰ ਦਿੱਤਾ ਜਾਵੇਗਾ, ਭਾਵੇਂ ਉਸ ਨੂੰ 20 ਘੰਟੇ ਪੁਲਸ ਸਟੇਸ਼ਨ ਵਿੱਚ ਰੱਖਿਆ ਗਿਆ ਸੀ। ਵੀਡੀਓ ਵਿੱਚ ਰਾਠੀ ਨੇ ਆਪਣਾ ਪਾਸਪੋਰਟ ਦਿਖਾਇਆ ਤਾਂ ਜੋ ਮੀਡੀਆ ਦੇ ਕੁਝ ਹਿੱਸਿਆਂ ਦੁਆਰਾ ਆਪਣੀ ਨਾਗਰਿਕਤਾ ਅਤੇ ਪ੍ਰਸਤਾਵਿਤ ਪ੍ਰਦਰਸ਼ਨ ਵਿੱਚ ਭਾਗੀਦਾਰੀ ਬਾਰੇ ਫੈਲਾਈਆਂ ਜਾ ਰਹੀਆਂ ਅਫਵਾਹਾਂ ਦਾ ਜਵਾਬ ਦਿੱਤਾ ਜਾ ਸਕੇ। ਉਸ ਨੇ ਕਿਹਾ, "ਪਹਿਲਾਂ, ਮੈਂ ਇੱਕ ਗੱਲ ਸਪੱਸ਼ਟ ਕਰਨਾ ਚਾਹੁੰਦਾ ਹਾਂ : ਇਹ ਮੇਰਾ ਪਾਸਪੋਰਟ ਹੈ। ਮੈਂ ਇੱਕ ਭਾਰਤੀ ਨਾਗਰਿਕ ਹਾਂ, ਮੈਂ ਇੱਕ ਸੀ ਅਤੇ ਮੈਂ ਇੱਕ ਰਹਾਂਗਾ।"

ਇਨ੍ਹਾਂ ਦਾਅਵਿਆਂ ਨੂੰ ਰੱਦ ਕਰਦੇ ਹੋਏ ਕਿ ਉਸ ਦੀ ਨਾਗਰਿਕਤਾ ਦਾ ਮਤਲਬ ਹੈ ਕਿ ਉਹ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਨਹੀਂ ਲੈ ਰਿਹਾ ਸੀ, ਰਾਠੀ ਨੇ ਕਿਹਾ ਕਿ ਉਸ ਦੇ ਵੀ ਉਹੀ ਅਧਿਕਾਰ ਹਨ ਜੋ ਕਿਸੇ ਵੀ ਹੋਰ ਭਾਰਤੀ ਨਾਗਰਿਕ ਦੇ ਹਨ। ਉਸ ਨੇ ਸਵਾਲ ਕੀਤਾ ਕਿ ਕੀ ਇੱਕ ਲੋਕਤੰਤਰੀ ਦੇਸ਼ ਵਿੱਚ ਇੱਕ ਅਜਿਹੇ ਨਾਗਰਿਕ ਨਾਲ ਅਜਿਹਾ ਵਿਵਹਾਰ ਸੰਭਵ ਹੈ, ਜਿਸ ਨੇ ਕੋਈ ਕਾਨੂੰਨ ਨਹੀਂ ਤੋੜਿਆ। ਉਸ ਨੇ ਦਲੀਲ ਦਿੱਤੀ ਕਿ ਲੋਕਾਂ ਨੂੰ ਦੇਸ਼ ਨਾਲ ਸੰਬੰਧਤ ਮੁੱਦਿਆਂ 'ਤੇ ਆਪਣੀ ਆਵਾਜ਼ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ, ਜਿਸ ਵਿੱਚ ਇੱਕ ਬਿਹਤਰ ਚੋਣ ਕਮਿਸ਼ਨ ਦੀ ਮੰਗ ਵੀ ਸ਼ਾਮਲ ਹੈ।

ਰਾਠੀ ਨੇ ਪ੍ਰਸਤਾਵਿਤ ਵਿਰੋਧ ਪ੍ਰਦਰਸ਼ਨ ਨਾਲ ਅਧਿਕਾਰੀਆਂ ਦੇ ਨਜਿੱਠਣ ਦੀ ਵੀ ਆਲੋਚਨਾ ਕੀਤੀ ਅਤੇ ਨਰਿੰਦਰ ਮੋਦੀ ਸਰਕਾਰ 'ਤੇ ਭਾਰਤ ਨੂੰ ਤਾਨਾਸ਼ਾਹੀ ਵਿੱਚ ਬਦਲਣ ਦਾ ਦੋਸ਼ ਲਗਾਇਆ। ਉਸ ਨੇ ਕਿਹਾ, "ਇਹ ਇੱਕ ਸਿੱਧੀ ਅਣਅਧਿਕਾਰਤ ਐਮਰਜੈਂਸੀ ਹੈ।"

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮੁਖ਼ਾਤਬ ਹੁੰਦਿਆਂ ਰਾਠੀ ਨੇ ਕਿਹਾ, "ਲੋਕਾਂ ਨੂੰ ਏਨਾ ਵੀ ਨਾ ਡਰਾਓ ਕਿ ਉਹ ਆਪਣਾ ਡਰ ਪੂਰੀ ਤਰ੍ਹਾਂ ਗੁਆ ਬੈਠਣ। ਜਿੰਨਾ ਜ਼ਿਆਦਾ ਤੁਸੀਂ ਲੋਕਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰੋਗੇ, ਉਨ੍ਹਾਂ ਦੀ ਆਵਾਜ਼ ਓਨੀ ਹੀ ਉੱਚੀ ਹੋਵੇਗੀ।"

ਰਾਠੀ ਨੇ ਵੀਡੀਓ ਦਾ ਅੰਤ ਇਹ ਕਹਿ ਕੇ ਕੀਤਾ ਕਿ ਉਹ ਦੇਸ਼ ਨਾਲ ਸੰਬੰਧਤ ਮੁੱਦਿਆਂ 'ਤੇ ਬੋਲਣਾ ਜਾਰੀ ਰੱਖੇਗਾ, ਭਾਵੇਂ ਉਸ ਨੂੰ ਚੁੱਪ ਕਰਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

## ਗੁਰਨਾਮ ਸਿੰਘ ਲਵਲੀ ਵੱਲੋਂ 105 ਵਾਰ ਖ਼ੂਨਦਾਨ ਕਰਨ 'ਤੇ ਦਿੱਤਾ ਸਟੇਟ ਅਵਾਰਡ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਮਾਜ ਸੇਵਾ ਤੇ ਖ਼ੂਨਦਾਨ ਕਰਨ ਲਈ ਹਮੇਸ਼ਾ ਯੋਗਦਾਨ ਪਾਉਣ ਵਾਲੇ ਭਾਈ ਘਨੱਈਆ ਬਲੱਡ ਡੋਨਰ ਮੋਗਾ ਦੇ ਪ੍ਰਧਾਨ ਗੁਰਨਾਮ ਸਿੰਘ ਲਵਲੀ ਨੂੰ 105 ਵਾਰ ਖ਼ੂਨਦਾਨ ਕਰਨ ਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਦੂਜੀ ਵਾਰ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਹ ਸਟੇਟ ਐਵਾਰਡ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਆਈ.ਏ.ਐੱਸ. ਅਧਿਕਾਰੀ ਸਾਕਸ਼ੀ ਸਾਹਨੀ ਵੱਲੋਂ ਪ੍ਰਦਾਨ ਕੀਤਾ ਗਿਆ।ਗੁਰਨਾਮ ਸਿੰਘ ਲਵਲੀ ਵੱਲੋਂ ਖ਼ੂਨਦਾਨ ਨੂੰ ਉਤਸ਼ਾਹਤ ਕਰਨ ਤੇ ਲੋੜਵੰਦ ਮਰੀਜ਼ਾਂ ਲਈ ਖ਼ੂਨ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਇਸ ਮੌਕੇ ਸ਼ਲਾਘਾ ਕੀਤੀ ਗਈ।ਭਾਈ ਘਨੱਈਆ ਬਲੱਡ ਡੋਨਰ ਮੋਗਾ ਵੱਲੋਂ ਸਮੇਂ-ਸਮੇਂ 'ਤੇ ਖ਼ੂਨਦਾਨ ਕੈਂਪ ਲਗਾ ਕੇ ਲੋਕਾਂ ਨੂੰ ਖ਼ੂਨਦਾਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ।ਗੁਰਨਾਮ ਸਿੰਘ ਲਵਲੀ ਨੇ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਪ੍ਰੇਰਨਾ ਦਾ ਸਰੋਤ ਹੈ ਤੇ ਉਹ ਭਵਿੱਖ ਵਿੱਚ ਵੀ ਸਮਾਜ ਸੇਵਾ ਤੇ ਖ਼ੂਨਦਾਨ ਦੇ ਕਾਰਜਾਂ ਨੂੰ ਨਿਰੰਤਰ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸੇਵਾ ਹੈ ਤੇ ਹਰੇਕ ਤੰਦਰੁਸਤ ਵਿਅਕਤੀ ਨੂੰ ਸਮੇਂ-ਸਮੇਂ 'ਤੇ ਖ਼ੂਨਦਾਨ ਕਰਕੇ ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ।ਉਨ੍ਹਾਂ ਇਸ ਸਨਮਾਨ ਲਈ ਸਿਹਤ ਵਿਭਾਗ ਤੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ।ਜ਼ਿਕਰਯੋਗ ਹੈ ਕਿ ਗੁਰਨਾਮ ਸਿੰਘ ਲਵਲੀ ਨੂੰ ਕਰਨਾ ਕਾਲ ਮੌਕੇ ਆਪਣੀਆਂ ਵਧੀਆ ਸੇਵਾਵਾਂ ਦੇਣ 'ਤੇ ਵੀ ਸਿਹਤ ਵਿਭਾਗ ਪੰਜਾਬ ਵੱਲੋਂ ਵੀ ਵਿਸ਼ੇਸ਼ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ।

## ਹੋਲੀ ਹਾਰਟ ਸਕੂਲ ਵਿਖੇ ਮਨਾਇਆ ਵਿਸ਼ਵ ਡਾਕ ਦਿਵਸ

**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਵਿਖੇ ਵਿਸ਼ਵ ਡਾਕ ਦਿਵਸ ਬਹੁਤ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਖਾਸ ਮੌਕੇ ਸਕੂਲ ਵਿੱਚ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਦਾ ਮੁੱਖ ਮਨੋਰਥ ਵਿਦਿਆਰਥੀਆਂ ਨੂੰ ਡਾਕ ਪ੍ਰਣਾਲੀ ਦੇ ਇਤਿਹਾਸ, ਮਹੱਤਤਾ ਅਤੇ ਸਾਡੇ ਸਮਾਜ ਵਿੱਚ ਡਾਕ ਪੋਸਟਮੈਨ ਦੀ ਅਹਿਮ ਭੂਮਿਕਾ ਤੋਂ ਜਾਣੂ ਕਰਵਾਉਣਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੀ ਸਵੇਰ ਦੀ ਸਭਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਵਿਸ਼ਵ ਡਾਕ ਦਿਵਸ ਦੇ ਇਤਿਹਾਸ ਨਾਲ ਸਬੰਧਤ ਭਾਸ਼ਣ ਦਿੱਤੇ ਅਤੇ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਅਤੇ ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ, ਜਿੱਥੇ ਮੋਬਾਈਲ ਅਤੇ ਈ-ਮੇਲ ਦਾ ਜ਼ਮਾਨਾ ਹੈ, ਉੱਥੇ ਹੀ ਡਾਕ ਸੇਵਾਵਾਂ ਦੀ ਆਪਣੀ ਇੱਕ ਵੱਖਰੀ ਅਤੇ ਇਤਿਹਾਸਕ ਮਹੱਤਤਾ ਹੈ।ਡਾਕ ਵਿਭਾਗ ਨੇ ਸਦੀਆਂ ਤੋਂ ਲੋਕਾਂ ਨੂੰ ਆਪਸ ਵਿੱਚ ਜੋੜਨ ਦਾ ਕੰਮ ਕੀਤਾ ਹੈ। ਸਕੂਲ ਪ੍ਰਬੰਧਕ ਚੇਅਰਮੈਨ ਸੁਭਾਸ਼ ਪਲਤਾ ਅਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਅਤੇ ਰਮਨ ਅਰੋੜਾ ਨੇ ਵਿਦਿਆਰਥੀਆਂ ਦੀ ਇਸ ਉਤਸ਼ਾਹਜਨਕ ਭਾਗੀਦਾਰੀ ਦੀ ਸ਼ਲਾਘਾ ਕੀਤੀ।ਸਮਾਗਮ ਦੇ ਅੰਤ ਵਿੱਚ ਸਕੂਲ ਮੁਖੀ ਚੇਅਰਮੈਨ ਸੁਭਾਸ਼ ਪਲਤਾ ਨੇ ਸਾਰੇ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਸੱਭਿਆਚਾਰ ਅਤੇ ਪੁਰਾਤਨ ਸੰਚਾਰ ਸਾਧਨਾਂ ਦੀ ਕਦਰ ਕਰਨੀ ਚਾਹੀਦੀ ਹੈ।

# ਸਨੌਰ ਦੀਆਂ ਮੰਡੀਆਂ 'ਚ ਝੋਨਾ ਡੁੱਬਾ

**ਸਨੌਰ (ਰਾਜਿੰਦਰ ਸਿੰਘ ਥਿੰਦ)**-ਬੇਮੌਸਮੀ ਬਰਸਾਤ ਕਾਰਨ ਸਨੌਰ ਸਮੇਤ ਹਲਕੇ ਦੀਆਂ ਅਨਾਜ ਮੰਡੀਆਂ ਚ ਵਿਕਣ ਲਈ ਕਿਸਾਨਾਂ ਦੀ ਝੋਨੇ ਦੀ ਫ਼ਸਲ ਸਰਕਾਰ ਦੇ ਨਾਕਸ ਪ੍ਰਬੰਧਾਂ ਕਾਰਨ ਬੁਰੀ ਤਰਾਂ ਭਿੱਜ ਜਾਣ ਕਾਰਨ ਕਿਸਾਨਾਂ ਦੇ ਚਿਹਰਿਆਂ 'ਤੇ ਨਿਰਾਸ਼ਤਾ ਦਾ ਆਲਮ ਹੈ! ਐਤਵਾਰ ਨੂੰ ਪਏ ਮੀਂਹ ਤੋਂ ਬਾਅਦ ਦੇਵੀਗੜ੍ਹ, ਡਕਾਲਾ ਭੁਨਰ ਹੇੜੀ, ਸਨੌਰ, ਬਲਬੇੜਾ ਤੋਂ ਇਲਾਵਾ ਝੋਨਾ ਮੰਡੀਆਂ 'ਚ ਭਿੱਜ ਗਿਆ ਹੈ! ਸਨੌਰ ਦੀ ਅਨਾਜ ਮੰਡੀ ਵਿੱਚ ਪਾਣੀ ਭਰ ਜਾਣ ਕਾਰਨ ਮੰਡੀ ਦੇ ਪ੍ਰਬੰਧਾਂ 'ਤੇ ਸਵਾਲ ਖੜ੍ਹੇ ਹੋ ਗਏ ਹਨ।ਮੰਡੀ ਵਿੱਚ ਬਣੇ ਹਾਲਾਤ ਨੇ ਕਿਸਾਨਾਂ ਦੀ ਫ਼ਸਲ ਨੂੰ ਮੀਂਹ ਤੋਂ ਬਚਾਉਣ ਲਈ ਕੀਤੇ ਗਏ ਪ੍ਰਬੰਧਾਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ।ਮੀਂਹ ਪੈਣ ਤੋਂ ਬਾਅਦ ਸਨੌਰ ਅਨਾਜ ਮੰਡੀ ਵਿੱਚ ਪਾਣੀ ਭਰਿਆ ਹੋਇਆ ਦੇਖਣ ਨੂੰ ਮਿਲਿਆ।ਇਸ ਦੇ ਨਾਲ ਹੀ ਮੰਡੀ ਵਿੱਚ ਝੋਨੇ ਦੀਆਂ ਬੋਰੀਆਂ ਨੂੰ ਮੀਂਹ ਤੋਂ ਬਚਾਉਣ ਲਈ ਲੋੜੀਂਦੀਆਂ ਤਰਪਾਲਾਂ ਦੀ ਘਾਟ ਵੀ ਸਾਹਮਣੇ ਆਈ।



## ਭਾਸ਼ਾ ਵਿਭਾਗ ਪੰਜਾਬ ਵੱਲੋਂ ਨਾਟਕ 'ਨਾਇਕ' ਦਾ ਸਫਲ ਮੰਚਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਪੰਜਾਬ ਸਰਕਾਰ ਦੀ ਰਹਿਨੁਮਾਈ ਅਤੇ ਨਿਰਦੇਸ਼ਕ, ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਿਰੋਜ਼ਪੁਰ ਵੱਲੋਂ ਪ੍ਰਸਿੱਧ ਨਾਟਕਕਾਰ ਗੁਰਸ਼ਰਨ ਸਿੰਘ (ਭਾਈ ਮੰਨਾ ਸਿੰਘ) ਦੇ ਲਿਖੇ ਨਾਟਕ 'ਨਾਇਕ' ਦਾ ਸਫਲ ਮੰਚਨ ਕੀਤਾ ਗਿਆ। ਨਟਰਾਜ ਰੰਗਮੰਚ, ਕੋਟਕਪੂਰਾ ਵੱਲੋਂ ਰੰਗ ਹਰਜਿੰਦਰ ਦੀ ਨਿਰਦੇਸ਼ਨਾ ਹੇਠ ਪੇਸ਼ ਕੀਤੇ ਗਏ ਇਸ ਨਾਟਕ ਰਾਹੀਂ ਸਮਾਜਿਕ ਵਿਵਸਥਾ ਵਿੱਚ ਫੈਲੇ ਭ੍ਰਿਸ਼ਟਾਚਾਰ ਵਿਰੁੱਧ ਆਵਾਜ਼ ਬੁਲੰਦ ਕਰਨ ਅਤੇ ਹੱਕ-ਸੱਚ ਦੇ ਰਾਹ 'ਤੇ ਚੱਲਣ ਦਾ ਸੁਨੇਹਾ ਦਿੱਤਾ ਗਿਆ। ਸਮਾਗਮ ਦੌਰਾਨ ਮਹਿਮਾਨਾਂ ਦਾ ਸਵਾਗਤ ਕਰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਦੀਪ ਸਿੰਘ ਸੰਧੂ ਨੇ ਕਿਹਾ ਕਿ ਨਾਟਕ 'ਨਾਇਕ' ਸਮਕਾਲੀ ਸਮਾਜਿਕ ਵਿਵਸਥਾ ਵਿੱਚ ਫੈਲੇ ਭ੍ਰਿਸ਼ਟਾਚਾਰ 'ਤੇ ਤਿੱਖਾ ਵਿਅੰਗ ਕਰਦਾ ਹੈ। ਨਾਟਕ ਵਿੱਚ ਦੋ ਪੀੜ੍ਹੀਆਂ ਦੀ ਵਿਚਾਰਧਾਰਕ ਵਿੱਥ ਨੂੰ ਪੇਸ਼ ਕੀਤਾ ਗਿਆ ਹੈ। ਨਾਟਕ ਦੀ ਪਹਿਲੀ ਪੇਸ਼ਕਾਰੀ ਵਿਵੇਕਾਨੰਦ ਵਰਲਡ ਸਕੂਲ ਫ਼ਿਰੋਜ਼ਪੁਰ ਵਿਖੇ ਹੋਈ। ਇਸ ਮੌਕੇ ਭਗਤ ਸਿੰਘ, ਰਾਜਗੁਰੂ, ਸੁਖਦੇਵ ਮੈਮੋਰੀਅਲ ਸੁਸਾਇਟੀ, ਫ਼ਿਰੋਜ਼ਪੁਰ ਦੇ ਪ੍ਰਧਾਨ ਜਸਵਿੰਦਰ ਸਿੰਘ ਸੰਧੂ ਨੇ ਮਹਿਮਾਨ-ਏ-ਖਾਸ ਵਜੋਂ ਸ਼ਿਰਕਤ ਕੀਤੀ। ਨਾਟਕ ਦੀ ਦੂਜੀ ਪੇਸ਼ਕਾਰੀ ਦੇਵ ਸਮਾਜ ਕਾਲਜ ਮੈਨੇਜਮੈਂਟ ਦੇ ਪ੍ਰਧਾਨ ਚੇਅਰਮੈਨ ਅਗਨੀਸ਼ ਢਿੱਲੋਂ, ਸਕੱਤਰ ਐਡਵੋਕੇਟ ਅਜੇ ਬੱਤਾ ਦੀ ਸਰਪ੍ਰਸਤੀ ਹੇਠ ਹੋਈ। ਇਸ ਮੌਕੇ ਉੱਘੇ ਸਮਾਜ ਸੇਵੀ ਅਤੇ ਸੀਨੀਅਰ ਸਿਟੀਜ਼ਨ ਫ਼ੋਰਮ, ਫ਼ਿਰੋਜ਼ਪੁਰ ਦੇ ਸਰਪ੍ਰਸਤ ਹਰੀਸ਼ ਮੌਂਗਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਨਾਟਕ ਵਿਚ ਰੰਗ ਹਰਜਿੰਦਰ, ਸੁਖਵਿੰਦਰ ਬਿੱਟੂ, ਜੌਹਨ ਮਸੀਹ ਅਤੇ ਗੁਰੂ ਗੁਰਭੇਜ ਨੇ ਮੁੱਖ ਭੂਮਿਕਾਵਾਂ ਨਿਭਾਈਆਂ। ਨਾਟ-ਪੇਸ਼ਕਾਰੀ ਦੇ ਮੁੱਖ ਪ੍ਰਬੰਧਕ ਮਿੰਟੂ ਮਲਵਈ ਸਨ। ਇਨ੍ਹਾਂ ਪੇਸ਼ਕਾਰੀਆਂ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿਚ ਡਾ. ਰਜਨੀ, ਅਰਸ਼ਦੀਪ ਕੌਰ, ਦੀਪਾ ਮਸੀਹ, ਸਪਨ ਵਟਸ, ਦਰਸ਼ਨ ਸਿੰਘ ਅਤੇ ਵਿਸ਼ੇਸ਼ ਤੌਰ 'ਤੇ ਚੇਤਨ ਕੁਮਾਰ, ਕਲਰਕ ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਿਰੋਜ਼ਪੁਰ ਦਾ ਸਹਿਯੋਗ ਰਿਹਾ।

## 'ਧੀ ਦਾ ਸੁਪਨਾ, ਦੇਸ਼ ਦਾ ਭਵਿੱਖ' ਵਿਸ਼ੇ 'ਤੇ ਵਿਚਾਰ-ਚਰਚਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਵਰਲਡ ਸਕੂਲ ਫ਼ਿਰੋਜ਼ਪੁਰ ਵੱਲੋਂ ਅੰਤਰਰਾਸ਼ਟਰੀ ਬਾਲੜੀ ਦਿਵਸ ਦੇ ਮੌਕੇ 'ਤੇ "ਧੀ ਦਾ ਸੁਪਨਾ, ਦੇਸ਼ ਦਾ ਭਵਿੱਖ" ਵਿਸ਼ੇ ਤਹਿਤ ਇੱਕ ਪ੍ਰਭਾਵਸ਼ਾਲੀ ਵਿਚਾਰ-ਚਰਚਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਕੁੜੀਆਂ ਲਈ ਬਰਾਬਰ ਮੌਕੇ, ਮਿਆਰੀ ਸਿੱਖਿਆ ਅਤੇ ਸਹਿਯੋਗੀ ਮਾਹੌਲ ਦੀ ਮਹੱਤਤਾ ਨੂੰ ਉਜਾਗਰ ਕਰਨਾ ਸੀ। ਪ੍ਰੋਗਰਾਮ ਵਿੱਚ ਸਕੂਲ ਦੀ ਮੁੱਖ ਸਰਪ੍ਰਸਤ ਪ੍ਰਭਾ ਭਾਸਕਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦ ਕਿ ਸਕੂਲ ਦੀ ਸਕੱਤਰ ਡੌਲੀ ਭਾਸਕਰ, ਜਿਨ੍ਹਾਂ ਨੇ ਇਸ ਪਹਿਲ ਦੀ ਰੂਪਰੇਖਾ ਤਿਆਰ ਕੀਤੀ ਸੀ, ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਉਪ-ਪ੍ਰਿੰਸੀਪਲ ਸ਼ਿਪਰਾ ਨਾਰੂਲਾ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਵਿਚਾਰ-ਚਰਚਾ ਵਿੱਚ ਮੋਗਾ ਤੋਂ ਸ਼ਖ਼ਸੀਅਤ ਵਿਕਾਸ ਮਾਰਗਦਰਸ਼ਕ ਭਵਦੀਪ ਕੋਹਲੀ, ਇਸਤਰੀ ਰੋਗ ਮਾਹਿਰ ਡਾ. ਰਿਚਾ ਡੇਵਿਡ, ਮਹਿਲਾ ਸੈੱਲ ਦੀ ਥਾਣਾ ਮੁਖੀ ਇੰਸਪੈਕਟਰ ਸੁਖਬੀਰ ਕੌਰ ਅਤੇ ਸਾਈਬਰ ਸੈੱਲ ਦੇ ਇੰਚਾਰਜ ਨੇ ਵਿਸ਼ੇਸ਼ ਤੌਰ 'ਤੇ ਭਾਗ ਲਿਆ। ਇਸ ਮੌਕੇ ਸਿੱਖਿਆ, ਉੱਦਮਤਾ, ਸਾਹਿਤ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਮਹਿਲਾਵਾਂ ਡਾ. ਰਿਚੂ ਕਰਨ ਗਰਗ, ਮੁਸਕਾਨ ਮੋਂਗਾ, ਨਿਤਿਕਾ ਮੋਂਗਾ, ਦਿਸ਼ਾ ਤਿਵਾੜੀ, ਅਨੁਰਾਧਾ ਦੇਵਗਨ ਅਤੇ ਅੰਜੂ ਬਾਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

# ਸਿਲਵਰ ਓਕਸ ਸਕੂਲ ਬਠਿੰਡਾ ਵਿਖੇ ਸਨਮਾਨ ਸਮਾਰੋਹ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ, ਬਠਿੰਡਾ ਵਿਖੇ ਇਕ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਅਪ੍ਰੈਲ ਤੋਂ ਸਤੰਬਰ ਤੱਕ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈਣ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਹ ਸਮਾਰੋਹ ਵਿਦਿਆਰਥੀਆਂ ਦੀਆਂ ਸੱਭਿਆਚਾਰਕ, ਸਹਿ-ਪਾਠਕ੍ਰਮ ਅਤੇ ਪਾਠਕ੍ਰਮ ਤੋਂ ਇਲਾਵਾ ਗਤੀਵਿਧੀਆਂ ਵਿੱਚ ਹਾਸਲ ਕੀਤੀਆਂ ਪ੍ਰਾਪਤੀਆਂ ਨੂੰ ਸਮਰਪਿਤ ਰਿਹਾ, ਜਿਸ ਦੌਰਾਨ ਉਨ੍ਹਾਂ ਦੇ ਉਤਸ਼ਾਹ, ਸਿਰਜਣਾਤਮਿਕਤਾ ਅਤੇ ਸ਼ਲਾਘਾਯੋਗ ਪ੍ਰਦਰਸ਼ਨ ਦੀ ਭਰਪੂਰ ਸਰਾਹਨਾ ਕੀਤੀ ਗਈ।ਇਸ ਮੌਕੇ ਸਿਲਵਰ ਓਕਸ ਸਕੂਲ ਦੀ ਡਾਇਰੈਕਟਰ, ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਵਿਦਿਆਰਥੀਆਂ ਨੂੰ ਸਮਰ ਸਪਲੈਸ਼ ਫੈਂਸੀ ਡ੍ਰੈੱਸ ਮੁਕਾਬਲਾ, ਸਪੈਲਥਨ, ਲਿਟਲ ਰੀਡਰਜ਼ ਰੀਡਿੰਗ ਮੁਕਾਬਲਾ, ਇੰਗਲਿਸ਼ ਕੈਲੀਗ੍ਰਾਫੀ ਮੁਕਾਬਲਾ, ਫੈਂਟਸੀ ਰਾਈਟਿੰਗ, ਇਮੋਜੀ ਪਿਕਚਨਰੀ ਮੁਕਾਬਲਾ, ਆਰਟੀਕਲ ਰਾਈਟਿੰਗ, ਹੈਰੀਟੇਜ ਕੁਇਜ਼, ਪੋਸਟਰ ਮੇਕਿੰਗ, ਹੈਰੀਟੇਜ ਸਟੋਰੀਟੈਲਿੰਗ, ਈਕੋ-ਫ੍ਰੈਂਡਲੀ ਰਾਖੀ ਮੇਕਿੰਗ, ਮੰਡਲਾ ਆਰਟ ਥਾਲੀ ਡੈਕੋਰੇਸ਼ਨ ਸਮੇਤ ਅਪ੍ਰੈਲ ਤੋਂ ਸਤੰਬਰ ਤੱਕ ਕਰਵਾਏ ਗਏ ਹੋਰ ਵੱਖ-ਵੱਖ ਮੁਕਾਬਲਿਆਂ ਵਿੱਚ ਉਨ੍ਹਾਂ ਦੀ ਭਾਗੀਦਾਰੀ ਅਤੇ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਜੇਤੂ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਸਮਰਪਿਤ ਯਤਨਾਂ ਦੀ ਕਦਰ ਵਜੋਂ ਪ੍ਰਸ਼ੰਸਾ-ਪੱਤਰ ਦਿੱਤੇ ਗਏ।ਇਸ ਮੌਕੇ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ, ਸਕੂਲ ਡਾਇਰੈਕਟਰ, ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਧਾਈ ਦਿੱਤੀ। ਸ੍ਰੀਮਤੀ ਛਾਇਆ ਵਿਨੋਚਾ, ਪ੍ਰਿੰਸੀਪਲ, ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ, ਬਠਿੰਡਾ, ਨੇ ਵੀ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਧਾਈ ਦਿੱਤੀ।



## ਇਨਕਲਾਬੀ ਕੇਂਦਰ ਵੱਲੋਂ ਸਰਕਾਰ ਖਿਲਾਫ ਸੜਕਾਂ 'ਤੇ ਉੱਤਰਨ ਦਾ ਸੱਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਐਸ ਆਈ ਆਰ ਤਹਿਤ ਕਰੋੜਾਂ ਲੋਕਾਂ ਦੇ ਵੋਟ ਦਾ ਹੱਕ ਖੋਹਣ ਖਿਲਾਫ਼ ਦਿੱਲੀ ਜੰਤਰ ਮੰਤਰ ਵਿਖੇ ਨੌਜਵਾਨਾਂ/ਵਿਦਿਆਰਥੀਆਂ ਉੱਪਰ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੁਲਿਸ ਬਲਾਂ ਵੱਲੋਂ ਕੀਤੀ ਗਈ ਧੱਕੇਸ਼ਾਹੀ ਦੀ ਇਨਕਲਾਬੀ ਕੇਂਦਰ ਪੰਜਾਬ ਨੇ ਸਖ਼ਤ ਨਿਖੇਧੀ ਕਰਦੇ ਹੋਏ ਪੁਲਿਸ ਬਲਾਂ ਵੱਲੋਂ ਗ੍ਰਿਫ਼ਤਾਰ ਕੀਤੇ ਵਿਦਿਆਰਥੀਆਂ ਅਤੇ ਸਮਾਜਿਕ ਸਿਆਸੀ ਕਾਰਕੁੰਨਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤੇ ਜਾਣ ਦੀ ਮੰਗ ਕੀਤੀ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ, ਜ. ਸਕੱਤਰ ਕੰਵਲਜੀਤ ਖੰਨਾ, ਮੁਖਤਿਆਰ ਸਿੰਘ ਪੂਹਲਾ ਅਤੇ ਜਗਜੀਤ ਸਿੰਘ ਲਹਿਰਾ ਮੁਹੱਬਤ ਨੇ ਇਸ ਜਾਬਰ ਹੱਲੇ ਨੂੰ ਠੱਲ੍ਹ ਪਾਉਣ ਲਈ ਮਿਹਨਤਕਸ਼ ਤਬਕਿਆਂ ਨੂੰ ਦ੍ਰਿੜ ਇਰਾਦੇ ਨਾਲ ਆਪਣੀਆਂ ਜਮਾਤੀ ਮੰਗਾਂ ਲਈ ਸੰਘਰਸ਼ ਜਾਰੀ ਰੱਖਣ ਦੇ ਨਾਲ-ਨਾਲ ਕੇਂਦਰੀ ਅਤੇ ਸੂਬਾਈ ਹਾਕਮਾਂ ਦੇ ਜਬਰ ਖ਼ਿਲਾਫ਼ ਸੰਘਰਸ਼ਾਂ ਦਾ ਪਿੜ ਮੱਲਣ ਦਾ ਸੱਦਾ ਦਿੰਦਿਆਂ ਕਿਹਾ ਕਿ ਪੁਲਿਸ ਬਲਾਂ ਦਾ ਇਹ ਹਮਲਾ ਮੋਦੀ ਹਕੂਮਤ ਦੇ ਜਾਬਰ ਫਿਰਕੂ ਫਾਸ਼ੀ ਹੱਲੇ ਦੀ ਕੜੀ ਦਾ ਹਿੱਸਾ ਹੈ। ਲੋਕਾਂ ਦੇ ਮਹਿੰਗਾਈ ਖ਼ਿਲਾਫ਼ ਤੇ ਬੇਰੁਜ਼ਗਾਰੀ ਵਿਰੁੱਧ ਤਿੱਖੇ ਹੋ ਰਹੇ ਰੋਸ ਨੂੰ ਇਸ ਵੋਟ ਚੋਰੀ ਦੇ ਤਾਨਾਸ਼ਾਹੀ ਕਦਮਾਂ ਦੇ ਮੁੱਦੇ ਨੇ ਵਿਦਰੋਹ ਦਾ ਇਕ ਮੂੰਹਾ ਮੁਹਈਆ ਕੀਤਾ ਹੈ। ਉਨ੍ਹਾਂ ਰੋਸ ਪ੍ਰਗਟ ਕਰਨ ਦੇ ਜਮਹੂਰੀ ਹੱਕ ਨੂੰ ਪੈਰਾਂ ਹੇਠ ਕੁਚਲਣ, ਸੜਕਾਂ 'ਤੇ ਘੜੀਸਣ, ਕੁੱਟਮਾਰ ਕਰਨ, ਗ੍ਰਿਫ਼ਤਾਰੀਆਂ ਕਰਨ ਦੀਆਂ ਘਟਨਾਵਾਂ ਨੂੰ ਹਿਟਲਰੀ ਕਦਮ ਕਰਾਰ ਦਿੰਦਿਆਂ ਇਸ ਹਮਲੇ ਦਾ ਟਾਕਰਾ ਕਰਨ ਲਈ ਸਾਂਝੀ ਲੋਕ ਲਹਿਰ ਉਸਾਰਨ ਦੀ ਲੋੜ 'ਤੇ ਜੋਰ ਦਿੱਤਾ।

## ਬੁਢਲਾਡਾ ਦੀ ਮਾਨਵੀ ਨੇ ਸਕੇਟਿੰਗ 'ਚ ਜਿੱਤਿਆ ਗੋਲਡ ਮੈਡਲ



**ਬੁਢਲਾਡਾ (ਅਸ਼ੋਕ ਲਾਕੜਾ)**-ਨੇਕੀ ਫਾਊਂਡੇਸ਼ਨ ਦੇ ਸੰਸਥਾਪਕ ਮਨਦੀਪ ਸ਼ਰਮਾ ਦੀ ਬੇਟੀ ਮਾਨਵੀ ਨੇ ਲਖਨਊ ਵਿਖੇ ਹੋਈਆਂ ਸੀ.ਬੀ.ਐੱਸ.ਈ. ਸਕੂਲ ਖੇਡਾਂ ਦੌਰਾਨ ਸਕੇਟਿੰਗ ਦੀ 500 ਮੀਟਰ ਦੌੜ ਵਿੱਚ ਗੋਲਡ ਮੈਡਲ ਜਿੱਤ ਕੇ ਆਪਣੇ ਮਾਪਿਆਂ, ਸਕੂਲ ਅਤੇ ਬੁਢਲਾਡਾ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਮਾਨਵੀ ਦੀ ਨੈਸ਼ਨਲ ਚੈਂਪੀਅਨਸ਼ਿਪ ਲਈ ਚੋਣ ਹੋਈ ਹੈ।ਇਸ ਮੁਕਾਬਲੇ ਵਿੱਚ ਸੀ.ਬੀ.ਐੱਸ.ਈ. ਦੇ ਈਸਟ ਜ਼ੋਨ ਅਧੀਨ ਉੱਤਰ ਪ੍ਰਦੇਸ਼, ਬਿਹਾਰ ਅਤੇ ਝਾਰਖੰਡ ਦੇ 120 ਤੋਂ ਵੱਧ ਜ਼ਿਲ੍ਹਿਆਂ ਦੇ ਖਿਡਾਰੀਆਂ ਨੇ ਭਾਗ ਲਿਆ।ਮਾਨਵੀ ਇਸ ਸਮੇਂ ਆਪਣੇ ਪਿਤਾ ਦੀ ਪੋਸਟਿੰਗ ਕਾਨਪੁਰ ਵਿਖੇ ਹੋਣ ਕਾਰਨ ਏਅਰ ਫੋਰਸ ਸਕੂਲ, ਕਾਨਪੁਰ ਵੱਲੋਂ ਖੇਡ ਰਹੀ ਹੈ।ਇੰਨੇ ਵੱਡੇ ਪੱਧਰ ਦੇ ਮੁਕਾਬਲੇ ਵਿੱਚ ਸੋਨ ਤਗਮਾ ਜਿੱਤਣਾ ਉਸ ਦੀ ਮਿਹਨਤ, ਲਗਨ ਅਤੇ ਖੇਡ ਪ੍ਰਤੀ ਸਮਰਪਣ ਦਾ ਸਬੂਤ ਹੈ।ਜ਼ਿਕਰਯੋਗ ਹੈ ਕਿ ਮਾਨਵੀ ਇਸ ਤੋਂ ਪਹਿਲਾਂ ਵੀ ਸਟੇਟ ਅਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਹੁਣ ਤੱਕ 21 ਮੈਡਲ ਜਿੱਤ ਚੁੱਕੀ ਹੈ।ਉਸ ਦੇ ਪਿਤਾ ਮਨਦੀਪ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀਆਂ ਦੋਵੇਂ ਬੇਟੀਆਂ ਮਾਨਵੀ ਅਤੇ ਮਾਇਰਾ ਕ੍ਰਮਵਾਰ ਅੰਡਰ-14 ਅਤੇ ਅੰਡਰ-6 ਵਰਗ ਵਿੱਚ ਸਕੇਟਿੰਗ ਕਰ ਰਹੀਆਂ ਹਨ।ਹਾਲ ਹੀ ਵਿੱਚ ਦੋਵਾਂ ਭੈਣਾਂ ਨੇ ਯੂ.ਪੀ. ਆਰ.ਐੱਸ.ਏ. ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਤਿੰਨ-ਤਿੰਨ ਗੋਲਡ ਮੈਡਲ ਜਿੱਤੇ ਅਤੇ ਸਟੇਟ ਪੱਧਰੀ ਮੁਕਾਬਲਿਆਂ ਲਈ ਵੀ ਆਪਣੀ ਜਗ੍ਹਾ ਬਣਾਈ ਹੈ।ਮਾਨਵੀ ਦੀ ਇਸ ਪ੍ਰਾਪਤੀ ਨਾਲ ਬੁਢਲਾਡਾ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਉਸ ਦੀ ਸਫਲਤਾ ਹੋਰ ਬੱਚਿਆਂ ਲਈ ਵੀ ਖੇਡਾਂ ਵਿੱਚ ਅੱਗੇ ਵਧਣ ਦੀ ਪ੍ਰੇਰਣਾ ਬਣੇਗੀ।

## ਮਾਤਾ ਗੁਜਰੀ ਕਾਲਜ ਦੇ ਫਾਈਨ ਆਰਟਸ ਵਿਭਾਗ ਵੱਲੋਂ ਵਿਸ਼ੇਸ਼ ਲੈਕਚਰ ਦਾ ਆਯੋਜਨ




**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਫ਼ਾਈਨ ਆਰਟਸ ਵਿਭਾਗ ਵੱਲੋਂ ਵਿਸ਼ੇਸ਼ ਲੈਕਚਰ ਦਾ ਆਯੋਜਨ ਕਰਵਾਇਆ ਗਿਆ ਜਿਸ ਵਿੱਚ ਪੰਜਾਬੀ ਵਿਭਾਗ ਦੇ ਐਸੋਸੀਏਟ ਪ੍ਰੋਫ਼ੈਸਰ ਡਾ. ਸੁਖਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਲੋਕ ਕਲਾ ਦੇ ਮਹੱਤਵਪੂਰਨ ਵਿਸ਼ੇ 'ਤੇ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ ਗਈ।ਇਸ ਲੈਕਚਰ ਦੌਰਾਨ ਯੁਵਕ ਮੇਲਿਆਂ ਦੌਰਾਨ ਲੋਕ ਕਲਾ ਦੀਆਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਸਮੇਤ ਵਿਭਾਗ ਦੇ ਲਗਭਗ 40 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਡਾ. ਸੁਖਜੀਤ ਕੌਰ ਨੇ ਵਿਦਿਆਰਥੀਆਂ ਨੂੰ ਪੰਜਾਬ ਦੀਆਂ ਲੋਕ ਕਲਾਵਾਂ ਦੇ ਇਤਿਹਾਸਕ ਅਤੇ ਸੱਭਿਆਚਾਰਕ ਪਿਛੋਕੜ ਬਾਰੇ ਦੱਸਦਿਆਂ ਪੀੜ੍ਹੀ ਬਣਾਉਣਾ, ਛਿੱਕੂ ਬਣਾਉਣਾ, ਪੱਖੀ ਬਣਾਉਣਾ, ਫੁਲਕਾਰੀ ਦੀ ਕਢਾਈ, ਨਾਲੇ ਬਣਾਉਣਾ, ਪਰਾਂਦਾ ਬਣਾਉਣਾ, ਗੁੱਡੀ-ਪਟੋਲੇ, ਟੋਕਰੀ ਬਣਾਉਣਾ, ਰੱਸਾ ਵੱਟਣਾ, ਇੰਨੂ ਆਦਿ ਲੋਕ ਕਲਾ ਦੀਆਂ ਵੱਖ-ਵੱਖ ਵਸਤੂਆਂ ਦੇ ਇਤਿਹਾਸ, ਉਦੇਸ਼ ਅਤੇ ਬਣਾਉਣ ਦੀਆਂ ਪਰੰਪਰਾਗਤ ਵਿਧੀਆਂ ਸਬੰਧੀ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ।ਫਾਈਨ ਆਰਟਸ ਵਿਭਾਗ ਦੇ ਮੁਖੀ ਡਾ. ਅਵਨੀਤ ਕੌਰ ਨੇ ਵਿਦਿਆਰਥੀਆਂ ਨੂੰ ਲੋਕ ਕਲਾ ਨਾਲ ਸਬੰਧਤ ਵਸਤਾਂ ਵਿੱਚ ਨਵੇਂ ਰਚਨਾਤਮਕ ਪ੍ਰਯੋਗ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਕਿਸੇ ਵੀ ਕਲਾ ਨੂੰ ਸਮਝਣ ਲਈ ਉਸ ਦੇ ਪਿੱਛੇ ਮੌਜੂਦ ਇਤਿਹਾਸ, ਪਰੰਪਰਾ ਅਤੇ ਸੱਭਿਆਚਾਰਕ ਸੰਦਰਭ ਨੂੰ ਜਾਣਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਫ਼ਾਈਨ ਆਰਟਸ ਵਿਭਾਗ ਦੇ ਪ੍ਰੋ. ਬਨਿੰਦਰ ਕੌਰ ਵੀ ਹਾਜ਼ਰ ਸਨ।

# ਪੰਜਾਬ 'ਚ ਅਕਾਲੀ ਦਲ ਵਾਰਸ ਪੰਜਾਬ ਦੀ ਲਹਿਰ : ਜਗਜਿੰਦਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**

ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੋਗਾ ਸ਼ਹਿਰ ਦੇ ਵਾਰਡ ਨੰਬਰ 32 ਅਤੇ 35 ਵਿੱਚ ਟੀਮ ਭਾਈ ਗੁਰਮੀਤ ਸਿੰਘ ਬੁੱਕਣ ਵੱਲੋਂ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਭਰਾ ਜਗਜਿੰਦਰ ਸਿੰਘ ਬੁੱਕਣ ਵਾਲਾ ਨੇ ਕਿਹਾ ਕਿ ਇਸ ਵਕਤ ਪੂਰੇ ਪੰਜਾਬ ਵਿਚ ਅਕਾਲੀ ਦਲ ਵਾਰਸ ਪੰਜਾਬ ਦੇ ਦੀ ਲਹਿਰ ਚੱਲ ਰਹੀ ਹੈ, ਸਰਕਾਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਜੇਲ੍ਹ 'ਚ ਬੰਦ ਕਰ ਕੇ ਉਨ੍ਹਾਂ ਦਾ ਰਸਤਾ ਰੋਕਣਾ ਚਾਹੁੰਦੀ ਹੈ ਪਰ ਪੰਜਾਬ ਦੇ ਲੋਕ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਦੇਖਣਾ ਹਨ ਕਿਉਂਕਿ ਪੰਜਾਬ ਵਿਚ ਇਸ ਵਕਤ ਸਭ ਤੋਂ ਵੱਡਾ ਕਹਿਰ ਨਸ਼ਿਆਂ ਦਾ ਹੈ। ਹਰ ਪਾਰਟੀ ਨੇ ਇਸ ਉੱਤੇ ਸਿਆਸਤ ਕੀਤੀ ਹੈ । ਪਹਿਲਾਂ ਕਾਂਗਰਸ ਨੇ ਤੇ ਫਿਰ ਆਮ ਆਦਮੀ ਪਾਰਟੀ ਨੇ। ਇਸ ਦੇ ਖਾਤਮੇ ਲਈ ਆਪ ਸਰਕਾਰ ਬਣਾਈ ਸੀ। ਹੋਇਆ ਉਲਟ, ਇਸ ਵਕਤ ਪੰਜਾਬ ਵਿੱਚ ਨਸ਼ਿਆਂ ਨਾਲ ਹੋਣ ਵਾਲੀਆਂ ਮੌਤਾਂ ਗਿਣਤੀ ਸਿਖਰ 'ਤੇ ਪਹੁੰਚ ਚੁੱਕੀ ਹੈ।ਅਗਵਾਈ ਕਰਤਾ ਤਰਨਦੀਪ ਸਿੰਘ ਗਿੱਲ ਨੇ ਸੂਬੇ ਦੀ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਦੋਸ਼ ਲਾਇਆ ਕਿ ਸਰਕਾਰ ਹਰ ਮੋਰਚੇ 'ਤੇ ਪੂਰੀ ਤਰ੍ਹਾਂ ਅਸਫ਼ਲ ਸਿੱਧ ਹੋਈ ਹੈ।ਇਸ ਮੌਕੇ ਵਾਰਡ ਨੰਬਰ 32 ਅਤੇ 35 ਦੇ ਆਗੂ ਸਹਿਬਾਨ ਗੁਰਪ੍ਰੀਤ ਸਿੰਘ ਢਿੱਲੋਂ, ਜਗਰੂਪ ਸਿੰਘ ਢਿੱਲੋਂ, ਰਜਿੰਦਰ ਸਿੰਘ ਢਿੱਲੋਂ, ਹਰਪਾਲ ਸਿੰਘ ਗਿੱਲ, ਬਿੱਕਰ ਸਿੰਘ ਸੰਧੂ, ਜੋਗਾ ਸਿੰਘ ਸੰਧੂ, ਮੰਗਾ ਸਿੰਘ, ਜੱਸਾ ਸਿੰਘ, ਜੋਰਾ ਸਿੰਘ, ਹਰਜੀਤ ਸਿੰਘ, ਸੁਖਦੇਵ ਸਿੰਘ, ਸੁਖਵਿੰਦਰ ਸਿੰਘ, ਜਗਰੂਪ ਸਿੰਘ, ਅੰਮ੍ਰਿਤਪਾਲ ਸਿੰਘ, ਮਾਸਟਰ ਸਵਿੰਦਰ ਸਿੰਘ, ਗੁਰਸੇਵਕ ਸਿੰਘ ਫੌਜੀ, ਨਿਰਵੈਲ ਸਿੰਘ, ਬਲਵੀਰ ਸਿੰਘ, ਅਜੀਤਪਾਲ, ਰਵੀ, ਅਮਿਤ ਕੁਮਾਰ, ਨਵੀ ਸਿਗਲਾਂ, ਰਾਹੁਲ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਬਲਾਕ ਗਿੱਦੜਬਾਹਾ 'ਚ ਰੋਜ਼ਾਨਾ ਲਗਾਈਆਂ ਜਾ ਰਹੀਆਂ ਹਨ 66 ਯੋਗ ਕਲਾਸਾਂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਦੀ ਸੀ.ਐੱਮ. ਦੀ ਯੋਗਸ਼ਾਲਾ ਮੁਹਿੰਮ ਜ਼ਿਲ੍ਹੇ ਦੇ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ।

ਜ਼ਿਲ੍ਹੇ ਦੇ ਹਰ ਉਮਰ ਦੇ ਲੋਕ ਇਸ ਮੁਹਿੰਮ ਵਿਚ ਸਵੈ-ਇੱਛਾ ਤੇ ਉਤਸ਼ਾਹ ਨਾਲ ਭਾਗ ਲੈ ਰਹੇ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ ਸਮੇਤ ਹਰ ਉਮਰ ਦੇ ਲੋਕਾਂ ਨੂੰ ਸਿਹਤਮੰਤ ਰੱਖਣ ਲਈ ਸੀ.ਐੱਮ. ਦੀ ਯੋਗਸ਼ਾਲਾ ਮੁਹਿੰਮ ਚਲਾਈ ਗਈ ਹੈ, ਜਿਸ ਦਾ ਹਰੇਕ ਨਾਗਰਿਕ ਨੂੰ ਲਾਹਾ ਲੈਣਾ ਚਾਹੀਦਾ ਹੈ।ਸੀ ਐੱਮ ਯੋਗਸ਼ਾਲਾ ਦੇ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਾ ਕੋਆਰਡੀਨੇਟਰ ਆਜ਼ਾਦ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਬਲਾਕ ਗਿੱਦੜਬਾਹਾ 'ਚ ਰੋਜ਼ਾਨਾ 66 ਯੋਗ ਕਲਾਸਾਂ 14 ਯੋਗ ਇੰਸਟਰਕਟਰਾਂ ਵੱਲੋਂ ਲਗਾਈਆਂ ਜਾ ਰਹੀਆਂ ਹਨ। ਯੋਗ ਅਭਿਆਸ ਰਾਹੀਂ ਅਸੀਂ ਚਿੰਤਾਮੁਕਤ ਹੋ ਕੇ ਮਨ ਅਤੇ ਤਨ ਨੂੰ ਸ਼ਾਂਤੀ ਮਿਲਦੀ ਹੈ।ਇਸੇ ਤਰ੍ਹਾਂ ਯੋਗ ਕਰਨ ਨਾਲ ਸਰੀਰਕ ਅਤੇ ਮਾਨਸਿਕ ਪੱਖੋਂ ਤੰਦਰੁਸਤੀ ਮਿਲਦੀ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ 18449 ਲੋਕ ਹੁਣ ਤੱਕ ਯੋਗ ਕਲਾਸਾਂ ਸੰਬੰਧੀ ਰਜਿਸਟ੍ਰੇਸ਼ਨ ਕਰਵਾ ਕੇ ਯੋਗ ਕਲਾਸਾਂ ਦਾ ਲਾਹਾ ਪ੍ਰਾਪਤ ਕਰ ਰਹੇ ਹਨ।ਯੋਗ ਕਲਾਸਾਂ ਸੰਬੰਧੀ ਸਵੇਰੇ ਅਤੇ ਸ਼ਾਮ ਨੂੰ ਯੋਗਾ ਸੈਸ਼ਨ ਲਗਾਇਆ ਜਾਂਦਾ ਹੈ।ਇਨ੍ਹਾਂ ਸੈਸ਼ਨਾਂ ਵਿੱਚ ਆਰਾਮ, ਧਿਆਨ, ਸੂਖਮ ਵੇਆਮ, ਯੋਗ ਆਸਣ, ਪ੍ਰਾਣਾਯਾਮ ਆਤੇ ਧਿਆਨ ਆਦਿ ਵਰਗੀਆਂ ਗਤੀਵਿਧੀਆਂ ਸ਼ਾਮਲ ਹਨ, ਜੋ ਮਰੀਜ਼ਾਂ ਨੂੰ ਤਣਾਅ ਘਟਾਉਣ ਅਤੇ ਸਿਹਤਮੰਦ ਬਣਨ ਵਿੱਚ ਮਦਦ ਕਰਦੀਆਂ ਹਨ।ਜ਼ਿਲ੍ਹਾ ਯੋਗ ਕੋਆਰਡੀਨੇਟਰ ਨੇ ਕਿਹਾ ਕਿ ਸੀ.ਐੱਮ. ਦੀ ਯੋਗਸ਼ਾਲਾ ਤਹਿਤ ਯੋਗਾ ਕਰਵਾਉਣ ਦਾ ਉਦੇਸ਼ ਵੱਖ-ਵੱਖ ਬਿਮਾਰੀਆਂ ਤੋਂ ਨਿਜਾਤ ਦਿਵਾ ਕੇ ਲੋਕਾਂ ਨੂੰ ਨਵਾਂ ਜੀਵਨ ਦੇਣਾ ਹੈ। ਯੋਗ ਕਲਾਸ ਲਈ 25 ਮੈਂਬਰਾਂ ਦੀ ਰਜਿਸਟ੍ਰੇਸ਼ਨ ਹੋਣੀ ਲਾਜ਼ਮੀ ਹੈ।



## ਖਰੀਦ 'ਚ ਦੇਰੀ ਕਾਰਨ ਬਠਿੰਡਾ ਅਨਾਜ ਮੰਡੀ ਵਿੱਚ ਰੁਲ ਰਿਹਾ ਝੋਨਾ




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਦੀ ਅਨਾਜ ਮੰਡੀ ਵਿੱਚ ਮੀਂਹ ਕਾਰਨ ਝੋਨੇ ਦੀ ਖਰੀਦ ਪ੍ਰਭਾਵਿਤ ਹੋਣ ਅਤੇ ਪੁਖ਼ਤਾ ਪ੍ਰਬੰਧਾਂ ਦੀ ਘਾਟ ਕਾਰਨ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੀਂਹ ਪੈਣ ਕਾਰਨ ਮੰਡੀ ਵਿੱਚ ਪਿਆ ਝੋਨਾ ਖਰੀਦ ਦੀ ਉਡੀਕ ਕਰ ਰਿਹਾ ਹੈ, ਜਿਸ ਕਾਰਨ ਕਿਸਾਨਾਂ ਦੀਆਂ ਚਿੰਤਾਵਾਂ ਵਧ ਗਈਆਂ ਹਨ। ਮੰਡੀ ਵਿੱਚ ਝੋਨੇ ਦੀ ਸੰਭਾਲ ਅਤੇ ਮੀਂਹ ਤੋਂ ਬਚਾਅ ਲਈ ਢੁੱਕਵੇਂ ਪ੍ਰਬੰਧ ਨਾ ਹੋਣ ਦੇ ਦੋਸ਼ਾਂ ਨੇ ਮੰਡੀ ਪ੍ਰਬੰਧਾਂ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ।ਕਿਸਾਨਾਂ ਦਾ ਕਹਿਣਾ ਹੈ ਕਿ ਉਹ ਆਪਣੀ ਫ਼ਸਲ ਨੂੰ ਮਿਹਨਤ ਨਾਲ ਪਾਲ ਕੇ ਮੰਡੀ ਵਿੱਚ ਲੈ ਕੇ ਆਉਂਦੇ ਹਨ, ਪਰ ਜੇਕਰ ਮੀਂਹ ਦੌਰਾਨ ਫ਼ਸਲ ਦੀ ਸੰਭਾਲ ਲਈ ਢੁੱਕਵੇਂ ਪ੍ਰਬੰਧ ਨਾ ਹੋਣ ਅਤੇ ਸਮੇਂ ਸਿਰ ਖਰੀਦ ਨਾ ਹੋਵੇ ਤਾਂ ਉਨ੍ਹਾਂ ਨੂੰ ਆਰਥਿਕ ਨੁਕਸਾਨ ਦਾ ਖ਼ਤਰਾ ਬਣਿਆ ਰਹਿੰਦਾ ਹੈ। ਮੰਡੀ ਵਿੱਚ ਝੋਨੇ ਦੀ ਖਰੀਦ ਵਿੱਚ ਦੇਰੀ ਕਾਰਨ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਰਾਖੀ ਲਈ ਵੀ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ।ਇਸ ਸਬੰਧੀ ਕਿਸਾਨ ਗੁਰਮੇਲ ਸਿੰਘ ਗੁਲਾਬਗੜ੍ਹ ਨੇ ਕਿਹਾ ਕਿ ਬਠਿੰਡਾ ਦੀ ਅਨਾਜ ਮੰਡੀ ਵਿੱਚ ਪ੍ਰਬੰਧਾਂ ਦੀ ਘਾਟ ਕਾਰਨ ਕਿਸਾਨਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਮੀਂਹ ਪੈਣ ਨਾਲ ਮੰਡੀ ਵਿੱਚ ਪਈ ਫ਼ਸਲ ਪ੍ਰਭਾਵਿਤ ਹੋਣ ਦਾ ਖ਼ਤਰਾ ਵਧ ਗਿਆ ਹੈ ਅਤੇ ਝੋਨੇ ਦੀ ਖਰੀਦ ਵਿੱਚ ਦੇਰੀ ਕਾਰਨ ਕਿਸਾਨ ਪ੍ਰੇਸ਼ਾਨ ਹਨ। ਉਨ੍ਹਾਂ ਅਨੁਸਾਰ ਮੰਡੀ ਵਿੱਚ ਕਿਸਾਨਾਂ ਦੀ ਫ਼ਸਲ ਨੂੰ ਸੁਰੱਖਿਅਤ ਰੱਖਣ ਲਈ ਲੋੜੀਂਦੇ ਪ੍ਰਬੰਧ ਹੋਣੇ ਚਾਹੀਦੇ ਹਨ, ਤਾਂ ਜੋ ਕਿਸਾਨਾਂ ਦੀ ਸਾਲ ਭਰ ਦੀ ਮਿਹਨਤ ਨੂੰ ਨੁਕਸਾਨ ਤੋਂ ਬਚਾਇਆ ਜਾ ਸਕੇ।

## ਖੇਡਾਂ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਦੀਆਂ ਹਨ : ਭੁਪਿੰਦਰ ਸਿੰਘ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਨੇੜੇ ਦੇਵੀਗੜ੍ਹ ਵਿਖੇ ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਸਹੋਦਿਆ ਸੀ ਬੀ ਐਸ ਈ ਕਲੱਸਟਰ ਅੰਡਰ-19 ਅਤੇ ਅੰਡਰ-14 ਲੜਕੇ/ਲੜਕੀਆਂ ਦਾ ਦੋ ਰੋਜ਼ਾ ਵਾਲੀਬਾਲ ਟੂਰਨਾਮੈਂਟ ਸਫਲਤਾਪੂਰਵਕ ਸੰਪੰਨ ਹੋਇਆ।ਇਸ ਟੂਰਨਾਮੈਂਟ ਦਾ ਉਦਘਾਟਨ ਗੁਰਪ੍ਰੀਤ ਸਿੰਘ ਸੇਖੋਂ ਵੱਲੋਂ ਕੀਤਾ ਗਿਆ।ਇਸ ਟੂਰਨਾਮੈਂਟ ਦੀ ਮੇਜ਼ਬਾਨੀ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵੱਲੋਂ ਕੀਤੀ ਗਈ।ਇਸ ਖੇਡ ਮੁਕਾਬਲੇ ਵਿੱਚ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੀਆਂ 26 ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਨੇ ਕਿਹਾ ਕਿ ਅਜਿਹੇ ਖੇਡ ਟੂਰਨਾਮੈਂਟ ਵਿਦਿਆਰਥੀਆਂ ਅੰਦਰ ਉਤਸ਼ਾਹ, ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਟੀਮ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ ਅਤੇ ਇਹ ਉਨ੍ਹਾਂ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਂਦੀਆਂ ਹਨ।ਇਸ ਮੌਕੇ ਅੰਡਰ-14 ਲੜਕਿਆਂ ਦੇ ਮੁਕਾਬਲਿਆਂ ਵਿੱਚ ਮਾਤਾ ਗੁਜਰੀ ਸਕੂਲ ਨੇ ਪਹਿਲਾ, ਕਲਗੀਧਰ ਨੈਸ਼ਨਲ ਸਕੂਲ ਨੇ ਦੂਜਾ, ਸਟੀਲਮੈਨ ਸਕੂਲ ਨੇ ਤੀਜਾ ਅਤੇ ਪ੍ਰੀਮੀਅਰ ਪਬਲਿਕ ਸਕੂਲ ਨੇ ਚੌਥਾ ਸਥਾਨ, ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ ਕਲਗੀਧਰ ਨੈਸ਼ਨਲ ਸਕੂਲ ਨੇ ਪਹਿਲਾ, ਸਟੀਲਮੈਨ ਸਕੂਲ ਨੇ ਦੂਜਾ, ਹੈਲਿਕਸ ਐਕਸਫੋਰਡ ਸਮਾਰਟ ਸਕੂਲ ਪਾਤੜਾਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰਾਂ ਅੰਡਰ-19 ਲੜਕੀਆਂ ਦੇ ਮੁਕਾਬਲੇ ਵਿਚ ਕਲਗੀਧਰ ਨੈਸ਼ਨਲ ਸਕੂਲ ਨੇ ਪਹਿਲਾ, ਸਪਾਰਕਲਿੰਗ ਕਿਡਜ ਸਕੂਲ ਪਾਤੜਾਂ ਨੇ ਦੂਜਾ, ਸਟੀਲਮੈਨ ਸਕੂਲ ਨੇ ਤੀਜਾ ਅਤੇ ਅੰਡਰ-19 ਲੜਕਿਆਂ ਦੇ ਮੁਕਾਬਲੇ ਵਿੱਚ ਕਲਗੀਧਰ ਸਕੂਲ ਨੇ ਪਹਿਲਾ, ਹੈਲਿਕਸ ਐਕਸਫੋਰਡ ਸਮਾਰਟ ਸਕੂਲ ਨੇ ਦੂਜਾ ਅਤੇ ਪ੍ਰੀਮੀਅਰ ਪਬਲਿਕ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਜੇਤੂ ਟੀਮਾਂ ਨੂੰ ਟਰਾਫੀ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

## ਡੀ ਆਈ ਜੀ ਸੰਦੀਪ ਗੋਇਲ ਵੱਲੋਂ ਪੁਲਸ ਜ਼ਿਲ੍ਹਾ ਖੰਨਾ ਦਾ ਦੌਰਾ



**ਦੋਰਾਹਾ (ਹਰਮਿੰਦਰ ਸੇਠ)**-ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀ.ਆਈ.ਜੀ.) ਲੁਧਿਆਣਾ ਰੇਂਜ ਸ੍ਰੀ ਸੰਦੀਪ ਗੋਇਲ ਨੇ ਪੁਲਿਸ ਜ਼ਿਲ੍ਹਾ ਖੰਨਾ ਦਾ ਦੌਰਾ ਕਰਦਿਆਂ ਜ਼ਿਲ੍ਹੇ ਵਿੱਚ ਅਪਰਾਧਿਕ ਗਤੀਵਿਧੀਆਂ ਦੀ ਸਥਿਤੀ ਅਤੇ ਕਾਨੂੰਨ ਵਿਵਸਥਾ ਦੇ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ.) ਖੰਨਾ ਡਾ. ਦਰਪਣ ਆਹਲੂਵਾਲੀਆ ਅਤੇ ਜ਼ਿਲ੍ਹੇ ਦੇ ਸਮੂਹ ਗਜ਼ਟਿਡ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸੁਰੱਖਿਆ ਪ੍ਰਬੰਧਾਂ, ਪੁਲਿਸ ਦੀ ਕਾਰਗੁਜ਼ਾਰੀ ਅਤੇ ਅਪਰਾਧਾਂ ਦੀ ਰੋਕਥਾਮ ਸਬੰਧੀ ਵੱਖ-ਵੱਖ ਪਹਿਲੂਆਂ 'ਤੇ ਵਿਚਾਰ-ਵਟਾਂਦਰਾ ਕੀਤਾ।ਆਉਣ ਵਾਲੇ ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਡੀ.ਆਈ.ਜੀ. ਨੇ ਪੁਲਿਸ ਅਧਿਕਾਰੀਆਂ ਨੂੰ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਨੂੰ ਪਹਿਲ ਦੇਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੌਰਾਨ ਬਾਜ਼ਾਰਾਂ, ਜਨਤਕ ਥਾਵਾਂ ਅਤੇ ਹੋਰ ਭੀੜ-ਭੜੱਕੇ ਵਾਲੇ ਇਲਾਕਿਆਂ ਵਿੱਚ ਲੋਕਾਂ ਦੀ ਆਵਾਜਾਈ ਵਧ ਜਾਂਦੀ ਹੈ, ਜਿਸ ਦੇ ਮੱਦੇਨਜ਼ਰ ਪੁਲਿਸ ਨੂੰ ਪੂਰੀ ਤਰ੍ਹਾਂ ਚੌਕਸ ਰਹਿਣ ਅਤੇ ਸੁਰੱਖਿਆ ਪ੍ਰਬੰਧਾਂ ਦੀ ਨਿਰੰਤਰ ਨਿਗਰਾਨੀ ਕਰਨ ਦੀ ਲੋੜ ਹੈ।

## ਸਫਾ 1 ਦੇ ਬਾਕੀ...

### ਸੁਪਰੀਮ ਕੋਰਟ ਵੱਲੋਂ ਵਰਜਣ...

ਦਿੱਲੀ ਮੈਟਰੋ ਅਤੇ ਰੇਲ ਸੇਵਾਵਾਂ ਨੂੰ ਆਮ ਵਾਂਗ ਚਲਾਉਣ ਦੇ ਨਿਰਦੇਸ਼ ਦਿੱਤੇ, ਜਦੋਂ ਤੱਕ ਸੰਵਿਧਾਨ ਦੀ ਧਾਰਾ 19 (2) ਤਹਿਤ ਜਨਤਕ ਵਿਵਸਥਾ ਬਣਾਈ ਰੱਖਣ ਲਈ ਕੋਈ ਵਿਸ਼ੇਸ਼ ਨਿਯਮ ਲਾਗੂ ਕਰਨ ਦੀ ਲੋੜ ਨਾ ਹੋਵੇ।

ਅਦਾਲਤ ਵੱਲੋਂ ਸ਼ਹਿਰ ਅੰਦਰ ਆਵਾਜਾਈ ਨਿਯਮਾਂ ਅਧੀਨ ਲੋਕਾਂ ਦੀ ਆਮ ਆਵਾਜਾਈ ਖੁੱਲ੍ਹੀ ਰੱਖਣ ਲਈ ਕਿਹਾ ਗਿਆ ਹੈ। ਇਸ ਦੇ ਨਾਲ ਹੀ ਕਾਨੂੰਨ-ਵਿਵਸਥਾ ਅਤੇ ਟਰੈਫਿਕ ਸਥਿਤੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਲਗਾਏ ਗਏ ਬੈਰੀਕੇਡਾਂ ਦੀ ਤੁਰੰਤ ਸਮੀਖਿਆ ਕਰਨ ਦੇ ਹੁਕਮ ਵੀ ਦਿੱਤੇ ਗਏ ਹਨ। ਅਦਾਲਤ ਨੇ ਕਿਹਾ ਕਿ ਕਾਨੂੰਨ ਅਨੁਸਾਰ ਇੰਟਰਨੈੱਟ ਸੇਵਾਵਾਂ ਬਿਨਾਂ ਰੁਕਾਵਟ ਜਾਰੀ ਰਹਿਣਗੀਆਂ, ਹਾਲਾਂਕਿ ਅਦਾਲਤ ਨੇ ਆਈ ਟੀ ਐਕਟ ਅਧੀਨ ਅਧਿਕਾਰੀਆਂ ਦੇ ਕਾਨੂੰਨੀ ਅਧਿਕਾਰਾਂ ਵਿੱਚ ਦਖਲ ਨਹੀਂ ਦਿੱਤਾ। ਸੁਪਰੀਮ ਕੋਰਟ ਦੇ ਆਸ-ਪਾਸ ਧਾਰਾ 163 ਲਗਾਏ ਜਾਣ ਦੀ ਵਕੀਲਾਂ ਵੱਲੋਂ ਕੀਤੀ ਗਈ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ, ਅਦਾਲਤ ਨੇ ਸੰਬੰਧਤ ਅਧਿਕਾਰੀਆਂ ਨੂੰ ਨੋਟਿਸ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ, ਤਾਂ ਜੋ ਨਾਗਰਿਕਾਂ ਅਤੇ ਵਕੀਲਾਂ ਲਈ ਅਦਾਲਤ ਤੱਕ ਪਹੁੰਚ ਬਿਨਾਂ ਰੋਕ-ਟੋਕ ਬਣੀ ਰਹੇ। ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਦੱਸਿਆ ਕਿ ਸ਼ਹਿਰ 'ਚ ਇੰਟਰਨੈੱਟ ਸੇਵਾਵਾਂ ਬਹਾਲ ਹਨ, ਮੈਟਰੋ ਅਤੇ ਰੇਲਾਂ ਪੂਰੀ ਤਰ੍ਹਾਂ ਚੱਲ ਰਹੀਆਂ ਹਨ। ਉਨ੍ਹਾ ਭਰੋਸਾ ਦਿੱਤਾ ਕਿ ਵਕੀਲਾਂ, ਪੱਤਰਕਾਰਾਂ ਅਤੇ ਹੋਰ ਪੇਸ਼ੇਵਰਾਂ ਦੇ ਕੰਮ ਵਿੱਚ ਕੋਈ ਅੜਿੱਕਾ ਨਹੀਂ ਆਵੇਗਾ। ਉਨ੍ਹਾ ਦੱਸਿਆ ਕਿ ਮੈਟਰੋ ਦੇ ਕੁੱਲ 303 ਸਟੇਸ਼ਨਾਂ ਵਿੱਚੋਂ ਸਨਿੱਚਰਵਾਰ ਨੂੰ ਸਿਰਫ 45 ਸਟੇਸ਼ਨਾਂ ਦੇ ਗੇਟ ਬੰਦ ਸਨ, ਜੋ ਹੁਣ ਖੋਲ੍ਹ ਦਿੱਤੇ ਗਏ ਹਨ। ਬੈਂਚ ਨੇ ਕੇਂਦਰ ਸਰਕਾਰ ਨੂੰ ਸੰਖੇਪ ਜਵਾਬ ਦਾਖਲ ਕਰਨ ਲਈ ਕਹਿ ਕੇ ਅਗਲੀ ਸੁਣਵਾਈ ਮੰਗਲਵਾਰ ਲਈ ਤੈਅ ਕੀਤੀ ਹੈ। ਇਹ ਸੁਣਵਾਈ ਸੀਨੀਅਰ ਵਕੀਲਾਂ ਵੱਲੋਂ 10 ਅਕਤੂਬਰ ਦੇ ਪ੍ਰਦਰਸ਼ਨਾਂ ਦੌਰਾਨ ਨਾਗਰਿਕਾਂ ਅਤੇ ਵਕੀਲਾਂ 'ਤੇ ਪੁਲਸ ਵੱਲੋਂ ਕਥਿਤ ਵਧੀਕੀਆਂ ਦੀਆਂ ਸ਼ਿਕਾਇਤਾਂ ਤੋਂ ਬਾਅਦ ਹੋਈ। ਸੁਣਵਾਈ ਦੇ ਅੰਤ 'ਤੇ ਜਸਟਿਸ ਮੋਹਨਾ ਨੇ ਕਿਹਾ ਕਿ ਜੇ ਧਿਰਾਂ ਲੋਕ ਹਿੱਤ ਚਾਹੁੰਦੀਆਂ ਹਨ ਤਾਂ ਉਹ ਸ਼ਾਂਤਮਈ ਪ੍ਰਦਰਸ਼ਨ ਕਰਨ ਅਤੇ ਲੋਕਾਂ ਨੂੰ ਨਾ ਭੜਕਾਉਣ। ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਆਗੂਆਂ ਨੂੰ ਐਤਵਾਰ ਦਿੱਲੀ ਕੈਂਟ ਪੁਲਸ ਸਟੇਸ਼ਨ ਵਿਖੇ ਐਗਜ਼ੀਕਿਊਟਿਵ ਮੈਜਿਸਟ੍ਰੇਟ ਦੇ ਸਾਹਮਣੇ ਪੇਸ਼ ਕੀਤੇ ਜਾਣ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ। ਰਿਹਾਈ ਤੋਂ ਬਾਅਦ ਪਾਰਟੀ ਆਗੂਆਂ ਨੇ ਸਾਫ ਕੀਤਾ ਕਿ ਜਦੋਂ ਤੱਕ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਹੁਦਾ ਨਹੀਂ ਛੱਡਦੇ, ਉਦੋਂ ਤੱਕ ਦੇਸ਼ ਭਰ ਵਿੱਚ ਪ੍ਰਦਰਸ਼ਨ ਜਾਰੀ ਰਹਿਣਗੇ। ਸੀ ਜੇ ਪੀ ਦੇ ਕੌਮੀ ਸੰਗਠਨ ਇੰਚਾਰਜ ਅਜਿੰਕਿਆ ਸ਼ਿੰਦੇ ਨੇ ਕਿਹਾ ਕਿ ਸਰਕਾਰ ਭਾਵੇਂ ਜਿੰਨੇ ਮਰਜ਼ੀ ਲੋਕਾਂ ਨੂੰ ਹਿਰਾਸਤ ਵਿੱਚ ਲੈ ਲਵੇ, ਪਰ ਅੰਦੋਲਨ ਰੁਕੇਗਾ ਨਹੀਂ। ਆਸ਼ੂਤੋਸ਼ ਰੰਕਾ ਨੇ ਐਲਾਨ ਕੀਤਾ ਹੈ ਕਿ ਗਿਆਨੇਸ਼ ਕੁਮਾਰ ਖਿਲਾਫ ਉਨ੍ਹਾਂ ਦਾ ਸੰਘਰਸ਼ ਰੁਕੇਗਾ ਨਹੀਂ, ਸਗੋਂ ਇਹ ਲੜਾਈ ਤਾਂ ਅਜੇ ਸ਼ੁਰੂ ਹੋਈ ਹੈ।

ਆਸ਼ੂਤੋਸ਼ ਰੰਕਾ ਅਤੇ ਸੌਰਵ ਦਾਸ ਨੇ ਪੁਲਸ 'ਤੇ ਉਨ੍ਹਾਂ ਨੂੰ ਜ਼ਬਰਦਸਤੀ ਹਿਰਾਸਤ ਵਿੱਚ ਲੈਣ, ਬਿਨਾਂ ਦਸਤਾਵੇਜ਼ਾਂ ਦੇ ਉਨ੍ਹਾਂ ਦੇ ਫੋਨ ਜ਼ਬਤ ਕਰਨ ਅਤੇ ਵਕੀਲਾਂ ਤੱਕ ਪਹੁੰਚ ਤੋਂ ਇਨਕਾਰ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਸ਼ਨੀਵਾਰ ਨੂੰ ਦਿੱਲੀ ਵਿੱਚ ਉਤਰਦੇ ਹੀ ਅਭਿਜੀਤ ਦੀਪਕੇ ਸਣੇ ਉਨ੍ਹਾਂ ਨੂੰ ਚੁੱਕ ਲਿਆ। ਸੀ ਜੇ ਪੀ ਦੀ ਕਾਨੂੰਨੀ ਟੀਮ ਦੇ ਮੁਖੀ ਰਤਨਾ ਸਿੰਘ ਨੂੰ ਵੀ ਦਿੱਲੀ ਤੋਂ ਹਿਰਾਸਤ ਵਿੱਚ ਲੈ ਲਿਆ। ਸਾਰਿਆਂ ਨੂੰ ਐਤਵਾਰ ਸਵੇਰੇ ਇਸ ਸ਼ਰਤ 'ਤੇ ਰਿਹਾਅ ਕੀਤਾ ਗਿਆ ਕਿ ਉਹ ਇੱਕ ਸਾਲ ਤੱਕ ਸ਼ਾਂਤੀ ਦੀ ਉਲੰਘਣਾ ਨਹੀਂ ਕਰਨਗੇ। ਦਾਸ ਨੇ ਕਿਹਾ, "ਅਸੀਂ ਮੋਦੀ ਅਤੇ ਸ਼ਾਹ ਤੋਂ ਪੁੱਛਣਾ ਚਾਹੁੰਦੇ ਹਾਂ, ਤੁਸੀਂ ਗਿਆਨੇਸ਼ ਕੁਮਾਰ ਨੂੰ ਬਚਾਉਣ ਦੀ ਕੋਸ਼ਿਸ਼ ਕਿਉਂ ਕਰ ਰਹੇ ਹੋ ? ਕੀ ਉਹ 2024 ਦੀਆਂ ਚੋਣਾਂ ਬਾਰੇ ਕੁਝ ਜਾਣਦਾ ਹੈ ?" ਉਨ੍ਹਾਂ ਕਿਹਾ ਕਿ ਸੀ ਜੇ ਪੀ ਨੇ ਸ਼ਾਂਤੀ ਭੰਗ ਨਹੀਂ ਕੀਤੀ ਅਤੇ ਪ੍ਰਧਾਨ ਮੰਤਰੀ, ਸ਼ਾਹ ਅਤੇ ਕੁਮਾਰ ਸ਼ਾਂਤੀ ਭੰਗ ਕਰਨ ਲਈ ਜ਼ਿੰਮੇਵਾਰ ਹਨ।

ਇਹ ਐਲਾਨ ਕਰਦੇ ਹੋਏ ਕਿ ਪਾਰਟੀ ਆਪਣਾ ਅੰਦੋਲਨ ਜਾਰੀ ਰੱਖੇਗੀ, ਉਨ੍ਹਾ ਕਿਹਾ, "ਅਸੀਂ ਪਿੱਛੇ ਨਹੀਂ ਹਟਾਂਗੇ; ਸਾਰੇ ਨਾਗਰਿਕਾਂ ਨੂੰ ਸੜਕਾਂ 'ਤੇ ਉਤਰਨ ਦੀ ਅਪੀਲ ਕਰਦੇ ਹਾਂ। ਪੂਰਾ ਦੇਸ਼ ਐਮਰਜੈਂਸੀ ਵਰਗੀ ਸਥਿਤੀ ਦਾ ਸਾਹਮਣਾ ਕਰ ਰਿਹਾ ਹੈ। ਪ੍ਰਦਰਸ਼ਨਕਾਰੀ ਸਿਰਫ ਆਪਣੀਆਂ ਸਮੱਸਿਆਵਾਂ ਸਰਕਾਰ ਦੇ ਸਾਹਮਣੇ ਰੱਖਣਾ ਚਾਹੁੰਦੇ ਹਨ। ਪਰ ਅੱਜ ਰਾਜ ਆਪਣੇ ਹੀ ਨਾਗਰਿਕਾਂ ਨਾਲ ਜੰਗ ਵਿੱਚ ਹੈ। ਮੋਦੀ ਅਤੇ ਸ਼ਾਹ ਨੂੰ ਸ਼ਰਮ ਆਉਣੀ ਚਾਹੀਦੀ ਹੈ ਕਿ ਉਨ੍ਹਾਂ ਨੇ ਇਸ ਨੂੰ ਯੁੱਧ ਵਿੱਚ ਬਦਲ ਦਿੱਤਾ।"

ਸੌਰਵ ਨੇ ਅੱਗੇ ਦੋਸ਼ ਲਗਾਇਆ ਕਿ ਅੰਦੋਲਨ ਨੂੰ ਕਵਰ ਕਰਨ ਵਾਲੇ ਸੁਤੰਤਰ ਪੱਤਰਕਾਰਾਂ 'ਤੇ ਹਮਲਾ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਉਨ੍ਹਾਂ ਤੋਂ ਨਾਂਅ ਦਾ ਟੈਗ ਲਗਾਉਣ ਦੀਆਂ ਮੰਗਾਂ ਵੀ ਸ਼ਾਮਲ ਹਨ। ਭਾਰਤ ਸਰਕਾਰ ਪੱਤਰਕਾਰੀ ਨਾਲ ਜੰਗ ਵਿੱਚ ਹੈ।

### ਦੋ ਵਿਦਿਆਰਥੀਆਂ...

ਵੈਭਵ ਨੇ ਕਿਹਾ, "ਇਹ ਖੁਦਕੁਸ਼ੀ ਦਾ ਮਾਮਲਾ ਨਹੀਂ, ਸਗੋਂ ਕਤਲ ਦਾ ਮਾਮਲਾ ਹੈ, ਕਿਉਂਕਿ ਪੀੜਤ ਜ਼ਿੰਦਾ ਸੀ। ਕਾਲਜ ਅਧਿਕਾਰੀਆਂ ਨੇ ਕੋਈ ਜ਼ਿੰਮੇਵਾਰੀ ਨਹੀਂ ਲਈ; ਉਨ੍ਹਾਂ ਦੀ ਐਂਬੂਲੈਂਸ ਦਾ ਕੋਈ ਡਰਾਈਵਰ ਨਹੀਂ ਸੀ। ਕੋਈ ਵੀ ਉਸ ਨੂੰ ਚੁੱਕਣ ਅਤੇ ਹਸਪਤਾਲ ਲਿਜਾਣ ਲਈ ਤਿਆਰ ਨਹੀਂ ਸੀ। ਵਾਰਡਨ ਨੇ ਸਾਨੂੰ ਉਸ ਦੀ ਜਾਨ ਬਚਾਉਣ ਲਈ ਉਸ ਨੂੰ ਸੀ ਪੀ ਆਰ ਦੇਣ ਤੋਂ ਰੋਕ ਦਿੱਤਾ।" ਸੈਂਕੜੇ ਵਿਦਿਆਰਥੀਆਂ ਨੇ ਕਾਲਜ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਪੀੜਤ ਲਈ ਇਨਸਾਫ ਦੀ ਮੰਗ ਕੀਤੀ।

## ਬੁੱਧ ਰਾਮ ਨੇ ਬੁਢਲਾਡਾ ਹਲਕੇ ਦੇ 340 ਪਰਵਾਰਾਂ ਨੂੰ ਘਰ ਦੀ ਮਾਲਕੀ ਦੇ ਦਸਤਾਵੇਜ਼ ਸੌਂਪੇ



**ਬੁਢਲਾਡਾ (ਅਸ਼ੋਕ ਲਾਕੜਾ)**-ਮੇਰਾ ਘਰ ਮੇਰੇ ਨਾਮ ਸਕੀਮ ਤਹਿਤ ਵਿਧਾਇਕ ਹਲਕਾ ਬੁਢਲਾਡਾ, ਪ੍ਰਿੰਸੀਪਲ ਬੁੱਧ ਰਾਮ ਨੇ ਪਿੰਡ ਫੁੱਲੂ ਵਾਲਾ ਡੋਡ, ਜੋਈਆਂ ਅਤੇ ਪਿਪਲੀਆਂ ਦੇ 340 ਪਰਵਾਰਾਂ ਨੂੰ ਘਰਾਂ ਦੀ ਮਲਕੀਅਤ ਦੇ ਦਸਤਾਵੇਜ਼ ਸੌਂਪੇ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਇਨ੍ਹਾਂ ਪਰਵਾਰਾਂ ਕੋਲ ਪਹਿਲਾਂ ਘਰ ਤਾਂ ਸਨ, ਪਰ ਮਾਲਕੀ ਦੇ ਨਾਂਅ 'ਤੇ ਦਸਤਾਵੇਜ਼ ਨਹੀਂ ਸਨ। ਹੁਣ ਸਕੀਮ ਤਹਿਤ ਇਨ੍ਹਾਂ ਨੂੰ ਮਾਲਕੀ ਦਾ ਪੱਕਾ ਹੱਕ ਮਿਲਿਆ ਹੈ, ਜਿਸ ਨਾਲ ਇਹ ਪਰਵਾਰ ਬੱਚਿਆਂ ਦੀ ਪੜ੍ਹਾਈ ਜਾਂ ਹੋਰ ਕੰਮਾਂ ਲਈ ਇਸ ਜਾਇਦਾਦ ਦੇ ਅਧਿਕਾਰਤ ਦਸਤਾਵੇਜ਼ਾਂ ਦੀ ਵਰਤੋਂ ਕਰ ਸਕਣਗੇ।ਇਸ ਮੌਕੇ ਲੋਕਾਂ ਨੇ ਆਪਣੇ ਘਰ ਦੀ ਮਾਲਕੀ ਦੇ ਦਸਤਾਵੇਜ਼ ਮਿਲਣ 'ਤੇ ਖੁਸ਼ੀ ਜ਼ਾਹਿਰ ਕੀਤੀ ਅਤੇ ਪੰਜਾਬ ਸਰਕਾਰ ਤੇ ਪ੍ਰਿੰਸੀਪਲ ਬੁੱਧ ਰਾਮ ਦਾ ਧੰਨਵਾਦ ਕੀਤਾ।ਇਸ ਮੌਕੇ ਜੱਸੀ ਜਟਾਣਾ, ਜਗਸੀਰ ਸਿੰਘ ਸੇਖੋਂ, ਜਗਮੇਲ ਸਿੰਘ, ਹਰਦੀਪ ਸਿੰਘ, ਵਜ਼ੀਰ ਸਿੰਘ, ਰਾਮਲਾਲ ਸਿੰਘ ਅਤੇ ਬਲਦੇਵ ਸਿੰਘ ਨੇ ਲਾਭਪਾਤਰੀਆਂ ਨੂੰ ਵਧਾਈ ਦਿੱਤੀ।

## ਨਸ਼ਿਆਂ ਤੇ ਸਮਾਜਿਕ ਬੁਰਾਈਆਂ ਖਿਲਾਫ ਕੋਕਰੀ ਹੇਰਾਂ ਵਿਖੇ ਲਗਾਇਆ ਕੈਂਪ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਕੋਕਰੀ ਹੇਰਾਂ ਵਿਖੇ ਮੈਡੀਕਲ ਪ੍ਰੈਕਟੀਸਕਰਜ਼ ਐਸੋਸੀਏਸ਼ਨ ਬਲਾਕ ਮੋਗਾ 1 ਵੱਲੋਂ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਖਿਲਾਫ ਅਵੇਅਰਨੇਸ ਕੈਂਪ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਵਿੱਚ ਜਥੇਬੰਦੀਆਂ ਦੇ ਵਿਛੜੇ ਹੋਏ ਸਾਥੀਆਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲਾ ਚੇਅਰਮੈਨ ਡਾਕਟਰ ਬਲਦੇਵ ਸਿੰਘ ਧੂਰਕੋਟ ਨੇ ਕਿਹਾ ਹੈ ਕਿ ਪਿਛਲੇ ਸਮੇਂ ਵਿੱਚ ਮਾਰੂ ਨਸ਼ਿਆਂ ਨਾਲ ਪੰਜਾਬ ਦੇ ਹਜਾਰਾਂ ਘਰ ਬਰਬਾਦ ਹੋ ਚੁੱਕੇ ਹਨ ਇਸ ਨੂੰ ਰੋਕਣ ਵਾਸਤੇ ਸਰਕਾਰ ਨੂੰ ਲੋਕਾਂ ਨੂੰ ਨਾਲ ਲੈ ਕੇ ਹੰਭਲਾ ਮਾਰਨਾ ਪਵੇਗਾ। ਜ਼ਿਲ੍ਹੇ ਦੇ ਸੀਨੀਅਰ ਆਗੂ ਡਾਕਟਰ ਅਵਤਾਰ ਸਿੰਘ ਨੇ ਸਰਕਾਰ ਨੂੰ ਮੈਡੀਕਲ ਪ੍ਰਕਟੀਸ਼ਨਰਾਂ ਵੱਲੋਂ ਜਮਾ ਕਰਵਾਏ ਗਏ ਫਾਰਮਾਂ ਉੱਤੇ ਜਲਦੀ ਟ੍ਰੇਨਿੰਗ ਸ਼ੁਰੂ ਕਰਾਉਣ ਲਈ ਕਿਹਾ ਜਿਸ ਨਾਲ ਜਿਥੇ ਹਜਾਰਾਂ ਪਰਵਾਰਾਂ ਨੂੰ ਰੋਜਗਾਰ ਮਿਲੇਗਾ ਉੱਥੇ ਪੰਜਾਬ ਦੇ ਲੱਖਾਂ ਲੋਕਾਂ ਨੂੰ ਸਮੇਂ ਸਿਰ ਅਤੇ ਮੁੱਢਲੀ ਸਿਹਤ ਸੇਵਾ ਮਿਲੇਗੀ ਇਸ ਸਮੇਂ ਡਾ ਅਵਤਾਰ ਸਿੰਘ, ਡਾ ਗੁਲਸ਼ਨ ਅਤੇ ਸਕੱਤਰ ਡਾ ਜਸਵੰਤ ਜੋਸ਼ਨ, ਬਲਾਕ ਸਲਾਹਕਾਰ ਡਾ ਹਰਿੰਦਰਪਾਲ ਮਹਿਰੋਂ, ਡਾ ਜਗਸੀਰ ਸਿੰਘ ਡਾਲਾ ਨੇ ਵੀ ਸੰਬੋਧਨ ਕੀਤਾ। ਇਸ ਸਮੇਂ ਪਿੰਡ ਵੱਲੋਂ ਸਾਬਕਾ ਸਰਪੰਚ ਜਸਵੀਰ ਕੌਰ ਤੇ ਸਾਬਕਾ ਸਰਪੰਚ ਬਲਦੇਵ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਸੁਖਦੇਵ ਸਿੰਘ ਗੋਰਾ, ਗੁਰਮੀਤ ਸਿੰਘ, ਰਸ਼ਪਾਲ ਸਿੰਘ, ਜਸਵੰਤ ਸਿੰਘ, ਕਾਂਗਰਸ ਦੇ ਜ਼ਿਲ੍ਹਾ ਸਕੱਤਰ ਹਰਤਾਬ ਸਿੰਘ ਹੈਰੀ, ਨਵਦੀਪ ਸਿੰਘ ਆਦਿ ਹਾਜ਼ਰ ਸਨ ਆਖਿਰ ਵਿੱਚ ਕੁਲਦੀਪ ਸਿੰਘ ਨੇ ਆਏ ਹੋਏ ਡਾਕਟਰ ਸਹਿਬਾਨਾਂ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

